ਅੱਜ ਦਾ ਸ਼ੁਭ ਵਿਚਾਰ



ਆਪਣਿਆਂ ਦੀਆਂ ਖ਼ੁਸ਼ੀਆਂ ਲਈ ਖ਼ੁੱਦ ਅੰਦਰਲਾ ਦਰਦ ਛੁੱਪਾ ਕੇ ਕੋਲੋ ਲੰਘ ਜਾਣਾ ਵਡੱਪਣ ਹੀ ਤਾਂ ਹੁੰਦੈ॥

ਅਮਨਦੀਪ ਮਹਿਰਾ

ਰੋਜ਼ਾਨਾ ਲੋਕ ਬਾਣੀ
www.lokbani.com

ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਵੀਰਵਾਰ, 23 ਜਨਵਰੀ 2025

Email:- lokbani08@gmail.com








R. N. I. Punpun/29016/2008 * ਸਾਲ 16 , * ਅੰਕ : 222, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111







## ਟੀ-20: ਭਾਰਤ ਨੇ ਇੰਗਲੈਂਡ ਨੂੰ ਸੱਤ ਵਿਕਟਾਂ ਨਾਲ ਹਰਾਇਆ


ਕੋਲਕਾਤਾ, ਲੋਕ ਬਾਣੀ- ਭਾਰਤ ਨੇ ਇੱਥੇ ਖੇਡੇ ਜਾ ਰਹੇ ਟੀ-20 ਮੈਚ ਵਿਚ ਇੰਗਲੈਂਡ ਨੂੰ ਸੱਤ ਵਿਕਟਾਂ ਨਾਲ ਹਰਾ ਦਿੱਤਾ ਹੈ। ਇਸ ਤੋਂ ਪਹਿਲਾਂ ਇੰਗਲੈਂਡ ਦੀ ਪੂਰੀ ਟੀਮ 132 ਦੌੜਾਂ ਬਣਾ ਕੇ ਆਲ ਆਊਟ ਹੋ ਗਈ। ਭਾਰਤ ਨੇ 12.5 ਓਵਰਾਂ ਵਿਚ ਤਿੰਨ ਵਿਕਟਾਂ ਦੇ ਨੁਕਸਾਨ ’ਤੇ 133 ਦੌੜਾਂ ਬਣਾਈਆਂ। ਭਾਰਤ ਵਲੋਂ ਸੰਜੂ ਸੈਮਸਨ ਨੇ 20 ਗੇਂਦਾਂ ਵਿਚ 26 ਦੌੜਾਂ ਬਣਾਈਆਂ। ਜਦੋਂ ਸੰਜੂ ਆਊਟ ਹੋਇਆ ਤਾਂ ਭਾਰਤ ਦਾ ਸਕੋਰ ਇਕ




ਵਿਕਟ ਦੇ ਨੁਕਸਾਨ ’ਤੇ 41 ਦੌੜਾਂ ਸੀ। ਇਸ ਤੋਂ ਬਾਅਦ ਸੂਰਿਆਕੁਮਾਰ ਯਾਦਵ ਆਇਆ ਜਿਸ ਨੇ ਤਿੰਨ ਗੇਂਦਾਂ ਖੇਡੀਆਂ ਤੇ ਸਿਫਰ ’ਤੇ ਆਊਟ ਹੋ ਗਿਆ।

## ਹਿਮਾਚਲ ’ਚ ਕਈ ਥਾਈਂ ਪਾਰਾ ਵਧਿਆ; ਊਨਾ 25.6 ਡਿਗਰੀ ਨਾਲ ਰਿਹਾ ਸਭ ਤੋਂ ਗਰਮ

ਸ਼ਿਮਲਾ, ਵਿਨੋਦ ਸ਼ਰਮਾ- ਹਿਮਾਚਲ ਪ੍ਰਦੇਸ਼ ਵਿੱਚ ਮੌਸਮ ਖ਼ੁਸ਼ਕ ਰਹਿਣ ਕਾਰਨ ਘੱਟੋ-ਘੱਟ ਅਤੇ ਵੱਧ ਤੋਂ ਵੱਧ ਤਾਪਮਾਨ ਵਿੱਚ ਕੁਝ ਡਿਗਰੀ ਦਾ ਵਾਧਾ ਹੋਇਆ ਹੈ ਅਤੇ ਊਨਾ 25.6 ਡਿਗਰੀ ਸੈਲਸੀਅਸ ਨਾਲ ਸੂਬੇ ਵਿੱਚ ਸਭ ਤੋਂ ਗਰਮ ਰਿਹਾ।



ਮੌਸਮ ਵਿਭਾਗ ਨੇ ਕੁਝ ਥਾਵਾਂ ’ਤੇ ਅੱਜ ਤੇ ਭਲਕੇ ਹਲਕੀ ਤੋਂ ਦਰਮਿਆਨੀ ਬਾਰਿਸ਼ ਜਾਂ ਬਰਫਬਾਰੀ ਅਤੇ 28 ਜਨਵਰੀ ਤੱਕ ਅਗਲੇ ਪੰਜ ਦਿਨਾਂ ਤੱਕ ਰਾਜ ਵਿੱਚ ਖ਼ੁਸ਼ਕ ਮੌਸਮ ਦੀ ਪੇਸ਼ੀਨਗੋਈ ਕੀਤੀ ਸੀ। ਇਸ ਤੋਂ ਇਲਾਵਾ 23 ਅਤੇ 24 ਜਨਵਰੀ ਨੂੰ ਊਨਾ, ਬਿਲਾਸਪੁਰ, ਹਮੀਰਪੁਰ, ਚੰਬਾ ਅਤੇ ਮੰਡੀ ਦੀਆਂ ਨੀਵੀਆਂ ਪਹਾੜੀਆਂ ਵਿੱਚ ਅਲੱਗ-ਥਲੱਗ ਥਾਵਾਂ ’ਤੇ ਸੰਘਣੀ ਧੁੰਦ ਅਤੇ ਸੀਤ ਲਹਿਰ ਅਤੇ 25 ਜਨਵਰੀ ਨੂੰ ਕੁਝ ਥਾਵਾਂ ’ਤੇ ਸੰਘਣੀ ਧੁੰਦ ਦੀ ਪੀਲੀ ਚਿਤਾਵਨੀ ਵੀ ਜਾਰੀ ਕੀਤੀ ਸੀ

## ਰੇਲ ਗੱਡੀ ਹੇਠ ਆਉਣ ਕਾਰਨ 12 ਹਲਾਕ


ਮੁੰਬਈ, ਲੋਕ ਬਾਣੀ- ਇੱਥੋਂ ਦੇ ਜਲਗਾਓਂ ਜ਼ਿਲ੍ਹੇ ਵਿਚ ਪੁਸ਼ਪਕ ਐਕਸਪ੍ਰੈਸ ਦੇ ਯਾਤਰੀਆਂ ਦੀ ਕਰਨਾਟਕ ਐਕਸਪ੍ਰੈਸ ਰੇਲ ਗੱਡੀ ਦੀ ਲਪੇਟ ਵਿਚ ਆਉਣ ਕਾਰਨ 12 ਯਾਤਰੀਆਂ ਦੀ ਮੌਤ ਹੋ ਗਈ ਤੇ ਕਈ ਗੰਭੀਰ ਜ਼ਖ਼ਮੀ ਹੋ ਗਏ। ਇਸ ਮੌਕੇ ਰੇਲਵੇ ਪੁਲੀਸ ਅਧਿਕਾਰੀ ਮੌਕੇ ’ਤੇ ਪਹੁੰਚ ਗਏ। ਇਹ ਪਤਾ ਲੱਗਿਆ ਹੈ ਕਿ ਪੁਸ਼ਪਕ ਐਕਸਪ੍ਰੈਸ ਰੇਲ ਗੱਡੀ ਵਿਚ ਅੱਗ ਲੱਗਣ ਦੀ ਅਫਵਾਹ ਫੈਲ ਗਈ ਤੇ ਕਿਸੇ ਯਾਤਰੀ ਨੇ ਇਸ ਦੀ ਚੇਨ ਖਿੱਚ



ਦਿੱਤੀ। ਇਸ ਦੌਰਾਨ ਇਸ ਰੇਲ ਗੱਡੀ ਦੇ ਯਾਤਰੀ ਹੇਠਾਂ ਉਤਰ ਆਏ ਜੋ ਦੂਜੀ ਦਿਸ਼ਾ ਤੋਂ ਆ ਰਹੀ ਕਰਨਾਟਕ ਐਕਸਪ੍ਰੈਸ ਰੇਲ ਗੱਡੀ ਦੀ ਲਪੇਟ ਵਿਚ ਆ ਗਏ ਜਿਸ ਕਾਰਨ 12 ਜਣਿਆਂ ਦੀ ਮੌਤ ਹੋਣ ਦੀ ਖ਼ਬਰ ਹੈ।

## ਡੱਲੇਵਾਲ ਦੀ ਤਿਮਾਰਦਾਰੀ ’ਚ ਲੱਗੀ ਡਾਕਟਰਾਂ ਦੀ ਟੀਮ ਵੱਲੋਂ ਇਲਾਜ ਕਰਨ ਤੋਂ ਨਾਂਹ

ਪਾਤੜਾਂ, ਲੋਕ ਬਾਣੀ- ਢਾਬੀ ਗੁੱਜਰਾਂ (ਖਨੌਰੀ) ਬਾਰਡਰ ’ਤੇ ਮਰਨ ਵਰਤ ਉੱਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਇਲਾਜ ਕਰਨ ਵਾਲੀ ਰਜਿੰਦਰਾ ਹਸਪਤਾਲ ਪਟਿਆਲਾ ਦੀ ਟੀਮ ਆਪਣੀ ਡਿਊਟੀ ਛੱਡ ਕੇ ਵਾਪਸ ਚਲੀ ਗਈ ਹੈ। ਕਿਸਾਨ ਆਗੂ ਦੇ ਇਲਾਜ ਵਿਚ ਲੱਗੀ ਡਾਕਟਰਾਂ ਦੀ ਟੀਮ ਨੇ ਇਲਾਜ ਕਰਨ ਤੋਂ ਨਾਂਹ ਕਰ ਦਿੱਤੀ ਹੈ। ਡਾਕਟਰਾਂ ਦੀ ਟੀਮ ਨੇ ਸਿਵਲ ਸਰਜਨ ਪਟਿਆਲਾ ਡਾ. ਦਵਿੰਦਰਪਾਲ ਸਿੰਘ ਨੂੰ ਲਿਖੇ ਪੱਤਰ ਵਿਚ ਕਿਸਾਨ ਆਗੂਆਂ ’ਤੇ



To
Medical Superintendent
Rajindra hospital
Patiala,

Subject: Regarding Harassment and Abuse faced by Doctors on duty.

Sir,
With respect to above mentioned subject we senior and junior residents have been facing persistent harassment from farmers and media personal with multiple episodes of verbal abuse from Mr. Dallewal and his supporters. We will not continue duties at Khanauri borders from here on. This is for Your information.

Yours sincerely
Senior Residents
& Junior Residents
22-01-2025

ਕਥਿਤ ਬਦਸਲੂਕੀ ਕਰਨ ਦੇ ਦੋਸ਼ ਲਾਏ ਹਨ।

## ਮੋਟਰਸਾਈਕਲ ਦਰੱਖਤ ਨਾਲ ਟਕਰਾਉਣ ਕਾਰਨ ਦੋ ਦੀ ਮੌਤ, ਇੱਕ ਜ਼ਖ਼ਮੀ

ਕਪੂਰਥਲਾ, ਲੋਕ ਬਾਣੀ - ਇੱਥੇ ਇਕ ਮੋਟਰਸਾਈਕਲ ਸੜਕ ਕਿਨਾਰੇ ਦਰੱਖਤ ਨਾਲ ਟਕਰਾਉਣ ਕਾਰਨ ਦੋ ਵਿਅਕਤੀਆਂ ਦੀ ਮੌਤ ਹੋ ਗਈ ਜਦਕਿ ਇੱਕ ਹੋਰ ਜ਼ਖ਼ਮੀ ਹੋ ਗਿਆ। ਇੱਕ ਪੁਲੀਸ ਅਧਿਕਾਰੀ ਨੇ ਦੱਸਿਆ ਕਿ ਇਹ ਹਾਦਸਾ ਮੰਗਲਵਾਰ ਰਾਤ ਨੂੰ ਰਾਮਗੜ੍ਹ ਪਿੰਡ ਨੇੜੇ ਵਾਪਰਿਆ ਜਦੋਂ ਤਿੰਨ ਦੋਸਤ, ਜਿਨ੍ਹਾਂ ਦੀ ਉਮਰ 20 ਸਾਲ ਹੈ, ਆਪਣੇ ਮੋਟਰਸਾਈਕਲ ’ਤੇ ਜਾ ਰਹੇ ਸਨ। ਹਾਦਸੇ ਵਿੱਚ ਪ੍ਰਭਦੀਪ ਸਿੰਘ




ਅਤੇ ਜਸ਼ਨਪ੍ਰੀਤ ਸਿੰਘ ਦੀ ਮੌਤ ਹੋ ਗਈ, ਜਦੋਂ ਕਿ ਉਨ੍ਹਾਂ ਦਾ ਦੋਸਤ ਜਲੰਧਰ ਦੇ ਇੱਕ ਹਸਪਤਾਲ ਵਿੱਚ ਜ਼ੇਰੇ ਇਲਾਜ ਹੈ।

## ਪੰਜਾਬ ਵਿੱਚ ਅੱਜ ਤੋਂ ਮੀਂਹ ਨਾਲ ਮੌਸਮ ਵਿਚ ਆਵੇਗਾ ਬਦਲਾਅ

ਚੰਡੀਗੜ੍ਹ, ਵਿਨੋਦ ਸ਼ਰਮਾ -ਪੰਜਾਬ ਵਿਚ ਮੌਸਮ ਨੂੰ ਲੇ ਕੇ ਅੱਜ ਤੋਂ ਵੱਡਾ ਬਦਲਾਅ ਦੇਖਣ ਨੂੰ ਮਿਲੇਗਾ। ਮੌਸਮ ਵਿਭਾਗ ਨੇ ਪੰਜਾਬ ਦੇ ਅੱਧੇ ਤੋਂ ਜਿਆਦਾ ਜ਼ਿਲ੍ਹਿਆਂ ਵਿਚ ਮੀਂਹ ਦਾ ਅਲਰਟ ਜਾਰੀ ਕੀਤਾ ਹੈ। ਸੂਬੇ ਵਿਚ ਵੈਸਟਰਨ ਡਿਸਟਰਬੈਂਸ ਸਰਗਰਮ ਹੋਣ ਨਾਲ 2 ਦਿਨ ਤੱਕ ਕੁਝ ਥਾਵਾਂ ‘ਤੇ ਮੀਂਹ ਪੈਣ ਦੀ ਸੰਭਾਵਨਾ ਹੈ ਤੇ ਪੰਜਾਬ ਚ ਧੁੰਦ ਕਾਰਨ ਵਾਹਨਾਂ ਨੂੰ



ਕਾਫੀ ਦਿੱਕਤਾਂ ਹੋ ਰਹੀਆਂ ਹਨ

## ਫਗਵਾੜਾ ਨਗਰ ਨਿਗਮ ਲਈ ਮੇਅਰ ਦੀ ਚੋਣ 25 ਨੂੰ ਹੋਵੇਗੀ

ਫਗਵਾੜਾ, ਲੋਕ ਬਾਣੀ --ਇਥੋਂ ਦੇ ਨਗਰ ਨਿਗਮ ਦੀ ਪਿਛਲੇ ਮਹੀਨੇ 21 ਦਸੰਬਰ ਨੂੰ ਹੋਈਆਂ ਚੋਣਾਂ ਦੇ ਸਬੰਧ ਵਿਚ ਹੁਣ ਮੇਅਰ, ਸੀਨੀਅਰ ਡਿਪਟੀ ਮੇਅਰ ਤੇ ਉੱਪ ਮੇਅਰ ਦੀ ਚੋਣ ਤੇ ਸਹੁੰ ਚੁੱਕ ਸਮਾਗਮ 25 ਜਨਵਰੀ ਸ਼ਾਮ 4 ਵਜੇ ਆਡੀਟੋਰੀਅਮ ਹਾਲ ਵਿਖੇ ਹੋਵੇਗਾ। ਇਸ ਸਬੰਧੀ ਪੰਜਾਬ ਸਰਕਾਰ ਨੇ ਹੁਕਮ ਜਾਰੀ ਕਰ ਦਿੱਤੇ ਹਨ। ਇਸ ਚੋਣ ਤੋਂ ਬਾਅਦ ਹੁਣ ਕੌਂਸਲਰ ਉਤਾਵਲੇ ਸਨ ਕਿ ਮੇਅਰ ਦੀ ਚੋਣ ਜਲਦ ਹੋਏ। ਕਾਂਗਰਸ ਕੋਲ ਵਧੇਰੇ ਬਹੁਮਤ ਹੋਣ




ਕਰਕੇ ਕਾਂਗਰਸੀ ਕੌਂਸਲਰ ਚਿੰਤਤ ਸਨ ਕਿ ਸ਼ਾਇਦ ਸਰਕਾਰ ਇਸਨੂੰ ਹੋਰ ਲੰਬਾ ਸਮਾਂ ਨਾ ਲਟਕਾਏ। ਕਾਂਗਰਸ ਕੋਲ 22 ਕੌਂਸਲਰ ਹਨ ਤੇ 3 ਬਸਪਾ ਦੇ ਸਮਰਥੱਕ ਵੀ ਇਸ ਨਾਲ ਹਨ

## ਟਾਇਲ ਫੈਕਟਰੀ ਨੂੰ ਲੱਗੀ ਅੱਗ, 40 ਲੱਖ ਰੁਪਏ ਦਾ ਹੋਇਆ ਨੁਕਸਾਨ

ਗੁਰੂਹਰਸਹਾਏ ਲੋਕ ਬਾਣੀ- ਗੁਰੂਹਰਸਹਾਏ ਦੇ ਸ਼ਰੀਹ ਵਾਲਾ ਰੋਡ ਉਤੇ ਸਥਿਤ ਇਕ ਟਾਇਲ ਫੈਕਟਰੀ ਨੂੰ ਬਿਜਲੀ ਦੇ ਸ਼ਾਰਟ ਸਰਕਟ ਨਾਲ ਅੱਗ ਲੱਗਣ ਕਰਕੇ ਕਰੀਬ 40 ਲੱਖ ਰੁਪਏ ਦਾ ਨੁਕਸਾਨ ਹੋਣ ਦੀ ਖਬਰ ਪ੍ਰਾਪਤ ਹੋਈ ਹੈ। ਜਾਣਕਾਰੀ ਦਿੰਦਿਆਂ ਟਾਇਲ ਫੈਕਟਰੀ ਦੇ ਮਾਲਕ ਪਵਨ ਕੁਮਾਰ ਨੇ ਦੱਸਿਆ ਕਿ ਸ਼ਰੀਹ ਵਾਲਾ ਰੋਡ ਉਤੇ ਉਸਦੀ ਟਾਇਲ ਫੈਕਟਰੀ ਹੈ, ਜਿਸ ਵਿਚ ਬਿਜਲੀ ਦੇ ਸ਼ਾਰਟ ਸਰਕਟ ਕਾਰਨ ਅੱਗ ਲੱਗ ਗਈ ਅਤੇ ਅੰਦਰ ਪਿਆ ਕਰੀਬ 40 ਲੱਖ ਰੁਪਏ ਦਾ ਸਾਮਾਨ ਸੜ ਕੇ ਸਵਾਹ ਹੋ



ਗਿਆ। ਉਸ ਨੇ ਦੱਸਿਆ ਕਿ ਰਾਤੀਂ ਕੰਮ ਕਰਦੇ ਮੁਲਾਜ਼ਮਾਂ ਨੇ ਫੋਨ ਕਰਕੇ ਕਿਹਾ ਕਿ ਉਨ੍ਹਾਂ ਦੀ ਫੈਕਟਰੀ ਵਿਚ ਅੱਗ ਲੱਗੀ ਹੈ,





ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਨਿਊਜ਼ੀਲੈਂਡ ਨੇ ਕੀਤੇ ਪੋਸਟ ਸਟੱਡੀ ਵਰਕ ਵੀਜਾ ਵਿੱਚ ਬਦਲਾਅ



ਮੋਹਾਲੀ , (ਲੋਕ ਬਾਣੀ ) – ਨਿਊਜ਼ੀਲੈਂਡ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਦੇਸ਼ ਵਿੱਚ ਕੰਮ ਕਰਨ ਦਾ ਮੌਕਾ ਵੀ ਮਿਲਦਾ ਹੈ। ਵਿਦੇਸ਼ੀ ਵਿਦਿਆਰਥੀ ਪੋਸਟ ਸਟੱਡੀ ਵਰਕ ਵੀਜ਼ਾ (PSWV) ਰਾਹੀਂ ਪੜ੍ਹਾਈ ਕਰਨ ਤੋਂ ਬਾਅਦ 3 ਸਾਲਾਂ ਤੱਕ ਦੇਸ਼ ਵਿੱਚ ਕੰਮ ਕਰ ਸਕਦੇ ਹਨ। ਹਾਲਾਂਕਿ ਇਹ ਯੋਗਤਾ ਦੇ ਆਧਾਰ ਤੇ ਤੈਅ ਹੁੰਦਾ ਹੈ ਕਿ ਕਿਸ ਨੂੰ ਕਿੰਨੇ ਸਮੇਂ ਦਾ PSWV ਮਿਲੇਗਾ। 2025 ਤੋਂ ਦੇਸ਼ ਵਿੱਚ PSWV ਨਿਯਮਾਂ ਵਿੱਚ ਵੀ ਬਦਲਾਅ ਕੀਤੇ ਗਏ ਹਨ। ਇਹ ਨਵੇਂ ਬਦਲਾਅ ਉਨ੍ਹਾਂ ਭਾਰਤੀ ਵਿਦਿਆਰਥੀਆਂ ਤੇ ਵੀ ਲਾਗੂ ਹੋਣਗੇ ਜੋ ਅਗਲੇ ਸਾਲ ਤੋਂ ਦੇਸ਼ ਵਿੱਚ ਪੜ੍ਹਨ ਜਾ ਰਹੇ ਹਨ।

ਨਵੇਂ ਨਿਯਮਾਂ ਦੇ ਤਹਿਤ ਪੋਸਟ ਗ੍ਰੈਜੂਏਟ ਡਿਪਲੋਮਾ (PGDip) ਤੋਂ ਬਾਅਦ ਮਾਸਟਰ ਡਿਗਰੀ ਪ੍ਰਾਪਤ ਕਰਨ ਵਾਲ ਵੀ PSWV ਪ੍ਰਾਪਤ ਕਰਨ ਦੇ ਯੋਗ ਹੋਣਗੇ। ਇਸ ਨਾਲ ਅੰਤਰਰਾਸ਼ਟਰੀ ਵਿਦਿਆਰਥੀਆਂ ਨੂੰ ਫਾਇਦਾ ਹੋਵੇਗਾ। ਨਵੇਂ ਨਿਯਮ ਭਾਰਤੀ ਵਿਦਿਆਰਥੀਆਂ ਲਈ ਨਿਊਜ਼ੀਲੈਂਡ ਵਿੱਚ ਪੜ੍ਹਾਈ ਕਰਨ ਤੋਂ ਬਾਅਦ ਕੰਮ ਕਰਨ ਦੇ ਨਵੇਂ ਰਸਤੇ ਖੋਲ੍ਹਣਗੇ। ਨਿਊਜ਼ੀਲੈਂਡ ਪੜ੍ਹਨ ਲਈ ਆਉਣ ਵਾਲੇ ਜ਼ਿਆਦਾਤਰ ਵਿਦਿਆਰਥੀ ਚੀਨ ਅਤੇ ਭਾਰਤ ਤੋਂ ਹੁੰਦੇ ਹਨ। ਨਿਊਜ਼ੀਲੈਂਡ ਵਿੱਚ 15,000 ਤੋਂ ਵੱਧ ਭਾਰਤੀ ਵਿਦਿਆਰਥੀ ਪੜ੍ਹ ਰਹੇ ਹਨ।

### ਪੁਰਾਣੇ ਨਿਯਮ ਕੀ ਸਨ ?

ਨਿਊਜ਼ੀਲੈਂਡ ਵਿੱਚ ਜੇਕਰ ਕੋਈ ਵਿਦਿਆਰਥੀ 30 ਹਫ਼ਤਿਆਂ ਦਾ ਪੋਸਟ ਗ੍ਰੈਜੂਏਟ ਡਿਪਲੋਮਾ (PGDip) ਕਰਦਾ ਸੀ ਅਤੇ ਫਿਰ ਸਿੱਧਾ ਮਾਸਟਰਜ਼ ਵਿੱਚ ਜਾਂਦਾ ਸੀ ਤਾਂ ਉਸਨੂੰ PSWV ਨਹੀਂ ਮਿਲਦਾ ਸੀ। ਮਾਸਟਰ ਪ੍ਰੋਗਰਾਮ ਲਈ 30 ਹਫ਼ਤਿਆਂ ਦੀ ਪੜ੍ਹਾਈ ਜ਼ਰੂਰੀ ਸੀ। ਹੁਣ ਅਜਿਹੇ ਵਿਦਿਆਰਥੀ PSWV ਲਈ ਅਰਜ਼ੀ ਦੇ ਸਕਦੇ ਹਨ। ਉਨ੍ਹਾਂ ਨੂੰ ਸਿਰਫ਼ ਇਹ ਦਿਖਾਉਣਾ ਹੋਵੇਗਾ ਕਿ ਉਨ੍ਹਾਂ ਨੇ ਮਾਸਟਰਜ਼ ਪ੍ਰੋਗਰਾਮ ਵਿੱਚ ਦਾਖਲਾ ਲਿਆ ਹੈ।

### PSWV ਦੇ ਨਿਯਮ ਕੀ ਹਨ -

PSWV ਲਈ ਅਰਜ਼ੀ ਦੇਣ ਲਈ ਕੁਝ ਨਿਯਮ ਹਨ। ਤੁਹਾਡੇ ਕੋਲ ਨਿਊਜ਼ੀਲੈਂਡ ਤੋਂ ਮਾਨਤਾ ਪ੍ਰਾਪਤ ਡਿਗਰੀ ਹੋਣੀ ਚਾਹੀਦੀ ਹੈ। ਤੁਸੀਂ ਨਿਊਜ਼ੀਲੈਂਡ ਵਿੱਚ ਪੂਰਾ ਸਮਾਂ ਪੜ੍ਹਾਈ ਕੀਤੀ ਹੋਵੇ ਅਤੇ ਤੁਹਾਨੂੰ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਅਰਜ਼ੀ ਦੇਣੀ ਹੋਵੇਗਾ। ਮੰਨ ਲਓ ਕਿ ਤੁਸੀਂ ਇੱਕ ਅਜਿਹੀ ਡਿਗਰੀ ਪੂਰੀ ਕੀਤੀ ਹੈ,ਜਿਸ ਨਾਲ ਤੁਹਾਨੂੰ PSWV ਮਿਲ ਸਕਦਾ ਹੈ। ਉਸ ਦੇ ਬਾਅਦ ਤੁਸੀਂ ਇੱਕ ਹੋਰ ਉੱਚ ਡਿਗਰੀ ਲੈ ਲਈ, ਜਿਸ ਲਈ PSWV ਨਹੀਂ ਮਿਲਦਾ (ਕਿਉਂਕਿ ਤੁਸੀਂ ਉਸ ਵਿਚ ਲੋੜੀਂਦੇ ਸਮੇਂ ਲਈ ਪੜ੍ਹਾਈ ਨਹੀਂ ਕੀਤੀ)। ਅਜਿਹੀ ਸਥਿਤੀ ਵਿੱਚ ਵੀ ਤੁਸੀਂ PSWV ਲਈ ਅਰਜ਼ੀ ਦੇ ਸਕਦੇ ਹੋ।

# ਨਹਿਰੂ ਯੁਵਾ ਕੇਂਦਰ ਬਰਨਾਲਾ ਵਲੋਂ ਜਿਲਾ ਪੱਧਰੀ ਯੁਵਾ ਉਤਸਵ ਦਾ ਆਯੋਜਨ



ਬਰਨਾਲਾ, (ਲੋਕ ਬਾਣੀ ) )ਯੁਵਾ ਮਾਮਲੇ ਅਤੇ ਖੇਡ ਮੰਤਰਾਲਾ ਭਾਰਤ ਸਰਕਾਰ ਦੇ ਅਦਾਰੇ ਨਹਿਰੂ ਯੁਵਾ ਕੇਂਦਰ ਬਰਨਾਲਾ ਵਲੋਂ ਜਿਲਾ ਯੂਥ ਅਫਸਰ ਹਰਸ਼ਰਨ ਸਿੰਘ ਦੇ ਦਿਸ਼ਾ ਨਿਰਦੇਸ਼ ਅਨੁਸਾਰ ਜਿਲਾ ਪੱਧਰੀ ਯੁਵਾ ਉਤਸਵ ਦਾ ਆਯੋਜਨ ਵਾਈ ਐਸ ਕਾਲਜ ਹੰਡਿਆਇਆ ਵਿਖੇ ਕੀਤਾ ਗਿਆ। ਇਸ ਮੌਕੇ ਉਦਘਾਟਨੀ ਸਮਾਰੋਹ ਵਿਚ ਮੁਖ ਮਹਿਮਾਨ ਵਜੋਂ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ ਸੰਦੀਪ ਕਾਂਸਲ ਅਤੇ ਵਿਸ਼ੇਸ਼ ਮਹਿਮਾਨ ਵਜੋਂ ਡਾ ਯਾਦਵਿੰਦਰਪਾਲ ਸ਼ਰਮਾ ਡਾਇਰੈਕਟਰ ਹੁਨਰ ਵਿਕਾਸ, ਸ਼੍ਰੀ ਵਰੁਣ ਭਾਰਤੀ ਡਾਇਰੈਕਟਰ ਵਾਈ ਐਸ ਗਰੁੱਪ ਬਰਨਾਲਾ ਨੇ ਸ਼ਿਰਕਤ ਕੀਤੀ। ਇਸ ਮੌਕੇ ਨਹਿਰੂ ਯੁਵਾ ਕੇਂਦਰ ਬਰਨਾਲਾ ਦੇ ਲੇਖਾ ਅਤੇ ਪ੍ਰੋਗਰਾਮ ਸਹਾਇਕ ਰਿਸ਼ਿਵ ਸਿੰਗਲਾ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਪ੍ਰੋਗਰਾਮ ਬਾਰੇ ਜਾਣਕਾਰੀ ਦਿਤੀ। ਓਹਨਾ ਕਿਹਾ ਕਿ ਇਸ ਯੁਵਾ ਉਤਸਵ ਵਿਚ ਨੌਜਵਾਨਾਂ ਦੀ ਪ੍ਰਤਿਭਾ ਨੂੰ ਉਭਾਰਨ ਲਈ ਭਾਰਤ ਸਰਕਾਰ ਵਲੋਂ 6 ਯੁਵਾ ਕੇਂਦਰਿਤ ਮੁਕਾਬਲੇ ਕਰਵਾਏ ਜਾਂਦੇ ਹਨ, ਜਿਨ੍ਹਾਂ ਵਿਚ ਮੋਬਾਈਲ ਫੋਟੋਗਰਾਫੀ ਮੁਕਾਬਲਾ, ਪੈਂਟਿੰਗ ਮੁਕਾਬਲਾ, ਕਵਿਤਾ ਲੇਖਣ ਮੁਕਾਬਲਾ, ਭਾਸ਼ਣ ਮੁਕਾਬਲਾ ਅਤੇ ਸਭਿਆਚਾਰਕ ਮੁਕਾਬਲਾ, ਸਾਇੰਸ ਮਾਡਲ ਮੁਕਾਬਲਾ ਸ਼ਾਮਿਲ ਹਨ। ਓਹਨਾ ਦਸਿਆ ਕਿ ਇਹਨਾਂ ਮੁਕਾਬਲਿਆਂ ਵਿਚ ਬਰਨਾਲਾ ਜਿਲੇ ਦੇ 15-29 ਸਾਲਾਂ ਦੇ ਨੌਜਵਾਨਾਂ ਨੇ ਭਾਗ ਲਿਆ। ਇਸ ਪ੍ਰੋਗਰਾਮ ਦਾ ਥੀਮ ਪੰਚ ਪ੍ਰਾਣ ਹੈ। ਡਾ ਸੰਦੀਪ ਕਾਂਸਲ ਨੇ ਕਿਹਾ ਕਿ ਨੌਜਵਾਨਾਂ ਦੇ ਹੁਨਰ ਨੂੰ ਪਹਿਚਾਣ ਦੇਣ ਲਈ ਨਹਿਰੂ ਯੁਵਾ ਕੇਂਦਰ ਦਾ ਇਹ ਪ੍ਰੋਗਰਾਮ ਸ਼ਲਾਘਾਯੋਗ ਹੈ। ਇਹਨਾਂ ਪ੍ਰੋਗਰਾਮਾਂ ਸਦਕਾ ਨੌਜਵਾਨ ਪੜਾਈ ਦੇ ਨਾਲ ਨਾਲ ਆਪਣੇ ਹੁਨਰ ਨੂੰ ਵੀ ਨਿਖਾਰਨ ਦਾ ਮੌਕਾ ਮਿਲਦਾ ਹੈ। ਓਹਨਾ ਨੇ ਵੱਖ ਵੱਖ ਚੱਲ ਰਹੇ ਮੁਕਾਬਲਿਆਂ ਵਿਚ ਜਾ ਕੇ ਨੌਜਵਾਨਾਂ ਨਾਲ ਗੱਲ ਕੀਤੀ। ਪ੍ਰੋਗਰਾਮ ਦੇ ਸਮਾਪਤੀ ਸਮਾਰੋਹ ਵਿਚ ਮਾਨਯੋਗ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਸ਼੍ਰੀ ਮਦਨ ਲਾਲ ਨੇ ਸ਼ਿਰਕਤ ਕੀਤੀ। ਓਹਨਾ ਨੇ ਵੱਖ ਵੱਖ ਮੁਕਾਬਲਿਆਂ ਵਿਚ ਭਾਗ ਲੈਣ ਵਾਲੇ ਨੌਜਵਾਨਾਂ ਨੂੰ ਵਧਾਈ ਦਿਤੀ ਅਤੇ ਜੇਤੂਆਂ ਨੂੰ ਇਨਾਮ ਵੰਡੇ। ਅੰਤ ਵਿਚ ਲੇਖਾ ਅਤੇ ਪ੍ਰੋਗਰਾਮ ਸਹਾਇਕ ਰਿਸ਼ਿਵ ਸਿੰਗਲਾ ਵਲੋਂ ਪ੍ਰਿੰਸੀਪਲ ਗੁਰਪਾਲ ਸਿੰਘ ਰਾਣਾ ਦਾ ਧੰਨਵਾਦ ਕੀਤਾ ਜਿਹਨਾਂ ਨੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਵਿਚ ਵਡਮੁੱਲਾ ਯੋਗਦਾਨ ਪਾਇਆ। ਇਸ ਮੌਕੇ ਹਰਮਨਪ੍ਰੀਤ ਕੌਰ, ਜਸਦੀਪ ਕੌਰ, ਵਿਸ਼ਵਪ੍ਰੀਤ ਸਿੰਗਲਾ, ਦਿਪੇਸ਼ ਕੁਮਾਰ, ਇਕਬਾਲ ਸਿੰਘ, ਆਦਿ ਹਾਜ਼ਿਰ ਸਨ।

# ਏਡੀਜੀਪੀ ਟਰੈਫਿਕ ਪੰਜਾਬ ਵੱਲੋਂ ਸੁਰੱਖਿਆ ਪ੍ਰਬੰਧਾਂ ਦਾ ਲਿਆ ਜਾਇਜ਼ਾ



ਅੰਮ੍ਰਿਤਸਰ (ਲੋਕ ਬਾਣੀ ) )ਸ੍ਰੀ ਏ.ਐਸ ਰਾਏ, ਆਈਪੀਐਸ, ਏਡੀਜੀਪੀ ਟਰੈਫਿਕ ਪੰਜਾਬ ਅਤੇ ਸ੍ਰੀ ਗੁਰਪ੍ਰੀਤ ਸਿੰਘ ਭੁੱਲਰ ਆਈਪੀਐਸ, ਕਮਿਸ਼ਨਰ ਪੁਲਿਸ ਵੱਲੋਂ ਕੀਤੇ ਗਏ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ । ਇਸ ਸਮੇਂ ਏਡੀਜੀਪੀ ਟਰੈਫਿਕ ਨੇ ਕਿਹਾ ਮਾਨਯੋਗ ਡੀਜੀਪੀ, ਪੰਜਾਬ ਦੀਆਂ ਹਦਾਇਤਾਂ ਤੇ ਅੰਮ੍ਰਿਤਸਰ ਸਿਟੀ ਵਿਜਿਟ ਕੀਤਾ ਹੈ, ਅੱਜ ਦਾ ਇਹ ਵਿਜਿਟ ਦਾ ਮੁੱਖ ਮੰਤਵ 26 ਜਨਵਰੀ, ਗਣਤੰਤਰ ਦਿਵਸ ਦੌਰਾਨ ਸੁਰੱਖਿਆ ਪ੍ਰਬੰਧਾਂ ਬਾਰੇ ਜਾਇਜਾ ਤੇ ਜਾਣਕਾਰੀ ਲੈਣ ਸਬੰਧੀ ਪੁਲਿਸ ਕਮਿਸ਼ਨਰ, ਅੰਮ੍ਰਿਤਸਰ ਸਮੇਤ ਅਫ਼ਸਰਾਂ ਨਾਲ ਬੈਠਕ ਕਰਕੇ ਸਿਕਿਉਰਿਟੀ ਅਰੇਂਜਮੈਂਟ ਬਾਰੇ ਡਿਸਕਸ ਕੀਤਾ ਅਤੇ ਡਿਸਕਸ਼ਨ ਤੋਂ ਬਾਅਦ ਗਰਾਊਂਡ ਤੇ ਜਾ ਕੇ ਪੁਲਿਸ ਸਟੇਸ਼ਨ ਛੇਹਰਟਾ ਤੇ ਇਸਲਾਮਾਬਾਦ ਜਾ ਕੇ ਥਾਨਿਆਂ ਦੇ ਵਿੱਚ ਕੈਮਰੇ ਦਾ ਸਿਸਟਮ, ਥਾਨਿਆਂ ਦੇ ਸਕਸੈਸ ਕੰਟਰੋਲ ਦਾ ਸਿਸਟਮ ਚੈੱਕ ਕੀਤਾ ਗਿਆ। ਇਹ ਚੈੱਕ ਕਰਨ ਤੋਂ ਬਾਅਦ ਗਾਂਧੀ ਗਰਾਊਂਡ ਚ ਸਿਕਿਉਰਟੀ ਅਰੇਂਜਮੈਂਟ ਦੇਖੇ । ਉਹਨਾਂ ਕਿਹਾ ਕਿ ਅੰਮ੍ਰਿਤਸਰ ਸਿਟੀ ਪੁਲਿਸ ਵੱਲੋਂ ਜੋ ਨਾਈਟ ਡੋਮੀਨੇਸ਼ਨ ਆਪਰੇਸ਼ਨ ਚਲਾਏ ਜਾ ਰਹੇ ਨੇ ਉਹਨਾਂ ਬਾਰੇ ਜਾਣਕਾਰੀ ਹਾਸਿਲ ਕੀਤੀ, ਇਹਨਾਂ ਨਾਈਟ ਡੋਮੀਨੇਸ਼ਨਾਂ ਨੂੰ ਕਮਿਸ਼ਨਰ ਪੁਲਿਸ ਅੰਮ੍ਰਿਤਸਰ, ਆਪ ਲੀਡ ਕਰਦੇ ਨੇ ਡੀਸੀਪੀ , ਏਡੀਸੀਪੀ ਏਸੀਪੀ ਤੇ ਪੁਲਿਸ ਫੋਰਸ ਵੱਲੋਂ ਬੜੀ ਤਨਦੇਹੀ ਨਾਲ ਡਿਊਟੀ ਕੀਤੀ ਜਾ ਰਹੀ ਹੈ। 26 ਜਨਵਰੀ ਗਣਤੰਤਰ ਦਿਵਸ ਲਈ ਆਪਾਂ ਪੂਰੀ ਤਿਆਰੀ ਰੱਖੀਏ । ਉਹਨਾਂ ਕਿਹਾ ਕਮਿਸ਼ਨਰ ਪੁਲਿਸ ਅੰਮ੍ਰਿਤਸਰ ਦਾ ਪਿਛਲੇ ਸਾਲ ਦਾ ਕਰਾਈਮ ਦੇਖਿਆ ਜਿਸ ਵਿੱਚ 128 ਕਿਲੋ ਹੈਰੋਇਨ ਦੀ ਬਰਾਮਦ ਕੀਤੀ ਗਈ ਹੈ ਜੋ ਕਿ ਬਹੁਤ ਵੱਡੀ ਉਪਲਬਧੀ ਹੈ। ਓਹਨਾ ਕਿਹਾ ਅਸੀਂ ਤਿਆਰ ਹਾਂ ਕੋਈ ਵੀ ਗਲਤ ਆਨਸਰ ਨੂੰ ਕੋਈ ਵੀ ਮਾੜਾ ਕੰਮ ਕਰਨ ਦੀ ਇੱਥੇ ਇਜਾਜ਼ਤ ਨਹੀਂ ਦਿੱਤੀ ਜਾਏਗ ਤੇ ਆਉਣ ਵਾਲਾ 26 ਜਨਵਰੀ ਦਾ ਦਿਹਾੜਾ ਖੁਸ਼ੀ ਨਾਲ ਮਨਾਇਆ ਜਾਏਗਾ। ਇਸ ਤੋਂ ਇਲਾਵਾ ਕਮਿਸ਼ਨਰਏਟ ਪੁਲਿਸ ਅੰਮ੍ਰਿਤਸਰ ਵੱਲੋਂ ਬੱਸ ਸਟੈਂਡ ਤੇ ਰੇਲਵੇ ਸਟੇਸ਼ਨ ਦੀ ਚੱਪੇ ਚੱਪੇ ਦੀ ਚੈਕਿੰਗ ਕੀਤੀ ਗਈ।

# ਯੂਕਰੇਨ-ਰੂਸ ਜੰਗ ਚ 12 ਭਾਰਤੀਆਂ ਦੀ ਮੌਤ + 16 ਲਾਪਤਾ



ਨਵੀਂ ਦਿੱਲੀ- ਯੂਕਰੇਨ ਵਿੱਚ ਰੂਸ ਦੀ ਤਰਫੋਂ ਲੜ ਰਹੇ ਹੁਣ ਤੱਕ 12 ਭਾਰਤੀਆਂ ਦੀ ਮੌਤ ਹੋ ਚੁੱਕੀ ਹੈ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਸ਼ੁੱਕਰਵਾਰ ਨੂੰ ਪ੍ਰੈੱਸ ਕਾਨਫਰੰਸ ਚ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ, ਹੁਣ ਤੱਕ ਰੂਸੀ ਫੌਜ ਚ ਸ਼ਾਮਲ ਹੋਣ ਵਾਲੇ ਭਾਰਤੀ ਨਾਗਰਿਕਾਂ ਦੇ 126 ਮਾਮਲੇ ਸਾਹਮਣੇ ਆਏ ਹਨ। ਇਨ੍ਹਾਂ ਵਿੱਚੋਂ 96 ਲੋਕ ਭਾਰਤ ਪਰਤੇ ਹਨ। ਰੂਸ ਵਿੱਚ ਅਜੇ ਵੀ 18 ਭਾਰਤੀ ਨਾਗਰਿਕ ਫਸੇ ਹੋਏ ਹਨ, ਜਿਨ੍ਹਾਂ ਵਿੱਚੋਂ 16 ਬਾਰੇ ਕੋਈ ਜਾਣਕਾਰੀ ਨਹੀਂ ਹੈ। ਅਸੀਂ ਉਨ੍ਹਾਂ ਦੀ ਉਨ੍ਹਾਂ ਦੇ ਦੇਸ਼ ਵਾਪਸੀ ਲਈ ਕੰਮ ਕਰ ਰਹੇ ਹਾਂ।

ਦੱਸ ਦੇਈਏ ਕਿ 24 ਫਰਵਰੀ 2022 ਤੋਂ ਰੂਸ-ਯੂਕਰੇਨ ਯੁੱਧ ਚੱਲ ਰਿਹਾ ਹੈ। ਇਸ ਸਮੇਂ ਦੌਰਾਨ, ਰੂਸੀ ਫੌਜ ਤੇ ਬਹੁਤ ਸਾਰੇ ਕਿਰਾਏਦਾਰਾਂ ਅਤੇ ਦੂਜੇ ਦੇਸ਼ਾਂ ਦੇ ਲੋਕਾਂ ਨੂੰ ਜ਼ਬਰਦਸਤੀ ਯੁੱਧ ਵਿੱਚ ਭੇਜਣ ਦਾ ਦੋਸ਼ ਸੀ। ਇਨ੍ਹਾਂ ਵਿੱਚ ਕਈ ਭਾਰਤੀ ਵੀ ਸ਼ਾਮਲ ਸਨ, ਜੋ ਨੌਕਰੀ ਦੀ ਭਾਲ ਵਿੱਚ ਰੂਸ ਗਏ ਸੀ, ਪਰ ਉੱਥੇ ਹੀ ਫਸ ਗਏ ।

# ਪੰਜਾਬ ਰਾਜ ਟ੍ਰੇਡਰਜ਼ ਕਮਿਸ਼ਨ ਦੇ ਮੈਂਬਰ ਵੱਲੋਂ ਵਪਾਰੀਆਂ ਨੂੰ ਦਰਪੇਸ਼ ਮੁਸ਼ਕਿਲਾਂ ਦੇ ਹੱਲ ਲਈ ਚੌੜੀ ਹੋ ਰਹੀ ਸੜ੍ਹਕ ਦਾ ਜਾਇਜ਼ਾ

ਮੋਹਾਲੀ, (ਲੋਕ ਬਾਣੀ ) -- ਪੰਜਾਬ ਰਾਜ ਟ੍ਰੇਡਰਜ਼ ਕਮਿਸ਼ਨ ਦੇ ਮੈਂਬਰ ਵਿਨੀਤ ਵਰਮਾ ਨੇ ਫ਼ੇਸ 7 ਤੋਂ 11 ਤੱਕ ਚੌੜੀ ਹੋ ਰਹੀ ਸੜ੍ਹਕ ਕਾਰਨ ਵਪਾਰੀਆਂ ਨੂੰ ਦਰਪੇਸ਼ ਮੁਸ਼ਕਿਲਾਂ ਦੇ ਹੱਲ ਲਈ ਅੱਜ ਗਮਾਡਾ ਦੇ ਅਧਿਕਾਰੀਆਂ ਨਾਲ 11 ਫ਼ੇਸ ਵਿਖੇ ਚੱਲ ਰਹੇ ਕੰਮ ਦਾ ਦੌਰਾ ਕੀਤਾ। ਉਨ੍ਹਾਂ ਇਸ ਮੌਕੇ ਗਮਾਡਾ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਭਗਵੰਤ ਮਾਨ ਸਰਕਾਰ ਵੱਲੋਂ ਵਪਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਇਸ ਕਮਿਸ਼ਨ ਦਾ ਗਠਨ ਕੀਤਾ ਹੋਇਆ ਹੈ ਅਤੇ ਕਮਿਸ਼ਨ ਉਨ੍ਹਾਂ ਨੂੰ ਦਰਪੇਸ਼ ਹਰ ਮੁਸ਼ਕਿਲ ਨੂੰ ਦੂਰ ਕਰਵਾਉਣ ਲਈ ਵਚਨਬੱਧ ਹੈ।



ਉਨ੍ਹਾਂ ਇਸ ਮੌਕੇ ਫ਼ੇਸ 11 ਦੀ ਮਾਰਕੀਟ ਵੈਲਫ਼ੇਅਰ ਐਸੋਸੀਏਸ਼ਨ ਵੱਲੋਂ ਉਨ੍ਹਾਂ ਨੂੰ ਫ਼ੇਸ 10 ਅਤੇ ਫ਼ੇਸ 11 ਲਾਈਟ ਪੁਆਇੰਟਸ ਨੇੜੇ ਸੜ੍ਹਕ ਬਣਨ ਕਾਰਨ ਪੇਸ਼ ਆ ਰਹੀ ਦਿੱਕਤਾਂ ਨੂੰ ਮੌਕੇ 'ਤੇ ਮੌਜੂਦ ਗਮਾਡਾ ਦੇ ਐਸ ਡੀ ਓ ਅਕਾਸ਼ਦੀਪ ਸਿੰਘ ਅਤੇ ਸੜ੍ਹਕ ਦਾ ਕੰਮ ਕਰ ਰਹੇ ਠੇਕੇਦਾਰ ਨੂੰ, ਇਨ੍ਹਾਂ ਦਿੱਕਤਾਂ ਨੂੰ ਦੂਰ ਕਰਨ ਲਈ ਆਖਿਆ। ਉਨ੍ਹਾਂ ਕਿਹਾ ਕਿ ਵਪਾਰੀਆਂ ਦਾ ਕਹਿਣਾ ਹੈ ਕਿ ਕੰਮ ਦੀ ਰਫ਼ਤਾਰ ਮੱਠੀ ਹੈ, ਇਸ ਲਈ ਇਸ ਵਿੱਚ ਤੇਜ਼ੀ ਲਿਆਂਦੀ ਜਾਵੇ। ਇਸੇ ਤਰ੍ਹਾਂ ਵਪਾਰੀਆਂ ਵੱਲੋਂ ਫ਼ੇਸ 3 ਬੀ 2 ਦੀ ਮਾਰਕੀਟ ਵਾਂਗ ਇਸ ਨਿਰਮਾਣ ਅਧੀਨ ਸੜ੍ਹਕ 'ਤੇ ਪੈਂਦੀਆਂ ਆਪਣੀਆਂ ਮਾਰਕੀਟਾਂ ਲਈ ਰੱਖੀ ਕੱਟ ਬਣਾਉਣ ਦੀ ਮੰਗ ਨੂੰ ਵੀ ਗਮਾਡਾ ਅਧਿਕਾਰੀਆਂ ਨੂੰ ਹਮਦਰਦੀ ਨਾਲ ਵਿਚਾਰਨ ਲਈ ਆਖਿਆ ਤਾਂ ਜੋ ਉਨ੍ਹਾਂ ਦੀ ਮਾਰਕੀਟ ਨੂੰ ਲੱਗਦੀਆਂ ਪਹੁੰਚ ਸੜ੍ਹਕਾਂ ਪ੍ਰਭਾਵਿਤ ਨਾ ਹੋਣ।

ਉਨ੍ਹਾਂ ਨੇ ਇਸ ਦੇ ਨਾਲ ਹੀ ਵਪਾਰੀਆਂ ਵੱਲੋਂ ਆਪਣੀਆਂ ਮਾਰਕੀਟ ਦੀਆਂ ਪਾਰਕਿੰਗ ਵਿੱਚ ਉਸਾਰੀਆਂ ਤੋਂ ਬਾਅਦ ਲੱਗੇ ਮਲਬੇ ਦੇ ਢੇਰਾਂ ਨੂੰ ਤੁਰੰਤ ਹਟਾਏ ਜਾਣ ਦੀ ਮੰਗ ਦੀ ਹਮਾਇਤ ਕਰਦਿਆਂ ਗਮਾਡਾ ਅਧਿਕਾਰੀਆਂ ਨੂੰ ਮਲਬਾ ਤੁਰੰਤ ਹਟਾਉਣ ਲਈ ਕਿਹਾ ਤਾਂ ਵਪਾਰੀਆਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਨਾ ਆਵੇ।

# ਰਾਸ਼ਟਰੀ ਸੜਕ ਸੁਰੱਖਿਆ ਮਹੀਨੇ ਦੇ ਸੰਬੰਧ ਵਿੱਚ ਲਗਾਇਆ ਗਿਆ ਜਾਗਰੂਕਤਾ ਸੈਮੀਨਾਰ

ਮੋਹਾਲੀ, (ਲੋਕ ਬਾਣੀ ) --ਜ਼ਿਲ੍ਹਾ ਪੁਲਿਸ ਦੇ ਟ੍ਰੈਫਿਕ ਐਜੂਕੇਸ਼ਨ ਸੈੱਲ ਦੇ ਇੰਚਾਰਜ ਏ ਐਸ ਆਈ ਜਨਕ ਰਾਜ ਅਤੇ ਮਹਿਲਾ ਸਿਪਾਹੀ ਖੁਸ਼ਪ੍ਰੀਤ ਕੌਰ ਵੱਲੋਂ ਇੰਚਾਰਜ ਟ੍ਰੈਫਿਕ ਜਸਵੀਰ ਸਿੰਘ ਨਾਲ ਮਿਲਕੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਲਾੜਰਾ, ਸੀਨੀਅਰ ਸੈਕੰਡਰੀ ਸਕੂਲ ਲਾਲੜੂ ਅਤੇ ਇੰਚਾਰਜ ਟ੍ਰੈਫਿਕ ਜੋਨ ਏ.ਐੱਸ. ਆਈ ਸੁਰਿੰਦਰ ਸਿੰਘ ਨੇ ਆਇਸਰ ਲਾਇਟ ਤੇ ਤਲਵਿੰਦਰ ਸਿੰਘ ਬੇਦੀ ਤੇ ਗਰੇਸਟਾਰ ਦੇ ਸਟਾਫ ਨੇ ਐਸ ਏ ਐਸ ਨਗਰ ਵਿਖੇ ਰਾਸ਼ਟਰੀ ਸੜਕ ਸੁਰੱਖਿਆ ਮਹੀਨਾ ਦੇ ਸਬੰਧ ਵਿੱਚ ਟਰੱਕ ਡਰਾਈਵਰ ਤੇ ਅਧਿਆਪਕ ਵਿਦਿਆਰਥੀਆਂ, ਗਰੇਸਟਾਰ ਦੇ ਸਟਾਫ ਨੂੰ ਜਾਗਰੂਕ ਕਰਨ ਲਈ ਸੈਮੀਨਾਰ ਕੀਤਾ।

ਇਸ ਮੌਕੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਬਾਰੇ, ਧੁੰਦ ਦੇ ਦਿਨਾਂ ਨੂੰ ਮੁੱਖ ਰੱਖਦੇ ਹੋਏ ਰਿਫਲੈਕਟਰ ਟੇਪ ਲਗਾਈ ਗਈ। ਨਸ਼ੇ ਕਰ ਕੇ ਵਾਹਨ ਨਾ ਚਲਾਉਣ ਬਾਰੇ ਅਤੇ ਟਰੈਫਿਕ ਨਿਯਮਾਂ ਬਾਰੇ, ਅੰਡਰ-ਏਜ ਡਰਾਇਵਿੰਗ ਨਾ ਕਰਨ ਬਾਰੇ, ਅਣਪਛਾਤੇ ਵਹੀਕਲ ਨਾਲ ਐਕਸੀਡੈਂਟ ਹੋਣ ਤੇ ਸਲੇਸ਼ੀਅਨ ਫੰਡ ਮੁਆਵਜ਼ਾ ਲੈਣ ਸਬੰਧੀ, ਲੇਨ ਡਰਾਇਵਿੰਗ ਬਾਰੇ, ਪ੍ਰੈਸ਼ਰ ਹਾਰਨ ਦੀ ਵਰਤੋਂ ਨਾ ਕਰਨ ਬਾਰੇ ਵਾਤਾਵਰਣ ਦੀ ਸੁਰੱਖਿਅਤ ਬਾਰੇ ਜਾਣਕਾਰੀ ਦਿੱਤੀ।

ਵਾਹਨਾਂ ਤੇ ਹਾਈ ਸਿਕਿਓਰਿਟੀ ਨੰਬਰ ਪਲੇਟਾਂ ਲਗਵਾਉਣ, ਦੋ ਪਹੀਆ ਵਾਹਨ ਤੇ ਹੈਲਮਟ ਪਾਉਣ ਬਾਰੇ, ਵਾਹਨਾਂ ਨੂੰ ਸੜਕ ਤੇ ਖੜਾ ਕਰਨ ਦੀ ਬਜਾਏ ਸਹੀ ਪਾਰਕਿੰਗ ਕਰਨ ਬਾਰੇ, ਖੱਬੇ-ਸੱਜੇ ਮੁੜਨ ਵੇਲੇ




ਇੰਡੀਕੇਟਰ ਦੀ ਵਰਤੋਂ ਕਰਨ ਬਾਰੇ, ਲਾਲ ਬੱਤੀ ਦੀ ਉਲੰਘਣਾ ਨਾ ਕਰਨ ਬਾਰੇ, ਕਿਸੇ ਵੀ ਤਰ੍ਹਾਂ ਦਾ ਨਸ਼ਾ ਕਰਕੇ ਕੋਈ ਵੀ ਵਾਹਨ ਨਾ ਚਲਾਉਣ ਬਾਰੇ, ਬੁਲੇਟ ਮੋਟਰਸਾਇਕਲ ਤੇ ਪਟਾਕੇ ਨਾ ਮਾਰਨ ਅਤੇ ਨਾ ਮੋਡੀਫਾਈ ਕਰਨ ਦੀ ਅਪੀਲ ਕੀਤੀ।

ਸਾਰੇ ਟਰੈਫਿਕ ਨਿਯਮਾਂ ਦੀ ਇੰਨ ਬਿੰਨ ਪਾਲਣਾ ਕਰਨ ਬਾਰੇ ਵੀ ਦੱਸਿਆ ਤਾਂ ਜੋ ਸੜਕੀ ਹਾਦਸਿਆਂ ਨੂੰ ਘਟਾਇਆ ਜਾ ਸਕੇ। ਪੁਲਿਸ ਤੋਂ ਮਦਦ ਲੈਣ ਅਤੇ ਦੇਣ ਲਈ ਹੈਲਪਲਾਈਨ ਨੰਬਰ 112 ਅਤੇ 181 ਤੇ ਕਾਲ ਕਰਨ ਬਾਰੇ, ਇਸ ਦੇ ਨਾਲ ਸਾਈਬਰ ਕ੍ਰਾਈਮ ਲਈ 1930 ਤੇ ਕਾਲ ਕਰਨ ਬਾਰੇ ਜਾਣਕਾਰੀ ਦਿੱਤੀ।

# ਪੰਜਾਬ ਵਿੱਚ ਬਦਲ ਸਕਦਾ ਹੈ ਮੌਸਮ ਦਾ ਮਿਜਾਜ

ਮੋਹਾਲੀ, (ਲੋਕ ਬਾਣੀ ) -)-ਪੰਜਾਬ ਵਿੱਚ ਜਿੱਥੇ ਇਕ ਪਾਸੇ ਧੁੰਦ ਤੋਂ ਥੋੜ੍ਹੀ ਰਾਹਤ ਮਿਲੀ ਹੈ, ਉੱਥੇ ਹੀ ਦਿਨ ਦੇ ਮੁਕਾਬਲੇ ਰਾਤ ਨੂੰ ਠੰਡ ਵੀ ਵਧੀ ਹੈ। ਸੂਬੇ ਵਿੱਚ ਅੱਜ ਇਕ ਵਾਰ ਫਿਰ ਮੌਸਮ ਬਦਲ ਸਕਦਾ ਹੈ। ਚੰਡੀਗੜ੍ਹ ਮੌਸਮ ਵਿਭਾਗ ਨੇ ਸੰਭਾਵਨਾ ਪ੍ਰਗਟਾਈ ਹੈ ਕਿ ਪੱਛਮੀ ਗੜਬੜੀ ਦੇ ਸਰਗਰਮ ਹੋਣ ਕਾਰਨ ਆਉਣ ਵਾਲੇ ਦਿਨਾਂ ਦੌਰਾਨ ਸੂਬੇ ਵਿੱਚ ਮੀਂਹ ਪੈਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਵੱਲੋਂ ਜਾਰੀ ਅੰਕੜਿਆਂ ਦੀ ਗੱਲ ਕਰੀਏ ਤਾਂ ਸੂਬੇ ਦੇ 16 ਜ਼ਿਲ੍ਹਿਆਂ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋ ਸਕਦੀ ਹੈ।



ਮੌਸਮ ਵਿਭਾਗ ਨੇ ਪੰਜਾਬ ਦੇ ਅੰਦਰ ਅਗਲੇ ਤਿੰਨ ਦਿਨਾਂ ਲਈ ਮੀਂਹ ਪੈਣ ਬਾਰੇ ਯੈਲੋ ਅਲਰਟ ਜਾਰੀ ਕੀਤਾ ਹੈ। ਸੂਬੇ ਅੰਦਰ ਧੁੰਦ ਦੇ ਨਾਲ ਨਾਲ ਠੰਡੀਆਂ ਹਵਾਵਾਂ ਚੱਲਣ ਦੀ ਵੀ ਚਿਤਾਵਨੀ ਦਿੱਤੀ ਗਈ ਹੈ। ਵਿਭਾਗ ਅਨੁਸਾਰ ਮੀਂਹ ਅਤੇ ਖ਼ਰਾਬ ਮੌਸਮ ਕਾਰਨ ਸੂਬੇ ਦੇ ਤਾਪਮਾਨ ਵਿੱਚ 2 ਤੋਂ 3 ਡਿਗਰੀ ਦੀ ਗਿਰਾਵਟ ਆ ਸਕਦੀ ਹੈ। ਮੰਗਲਵਾਰ ਨੂੰ ਵੀ ਸੂਬੇ ਦੇ ਤਾਪਮਾਨ ਵਿੱਚ 1.5 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ। ਹੁਸ਼ਿਆਰਪੁਰ ਅਤੇ ਰੂਪਨਗਰ ਵਿੱਚ ਸਭ ਤੋਂ ਵੱਧ 23.3 ਡਿਗਰੀ ਤਾਪਮਾਨ ਦਰਜ ਕੀਤਾ ਗਿਆ। ਪੰਜਾਬ ਵਿੱਚ ਘੱਟੋ-ਘੱਟ ਤਾਪਮਾਨ ਵਿੱਚ ਵੀ 1.5 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ। ਅਬੋਹਰ ਵਿੱਚ ਸਭ ਤੋਂ ਘੱਟ ਪਾਰਾ 6.2 ਡਿਗਰੀ ਦਰਜ ਕੀਤਾ ਗਿਆ

ਮੌਸਮ ਵਿਭਾਗ ਨੇ ਦਿੱਲੀ-ਐੱਨ. ਸੀ. ਆਰ. ਵਿੱਚ 22 ਅਤੇ 23 ਜਨਵਰੀ ਨੂੰ ਮੀਂਹ ਅਤੇ ਗਰਜ ਦੀ ਭਵਿੱਖਬਾਣੀ ਵੀ ਕੀਤੀ ਹੈ। ਇਸ ਤੋਂ ਬਾਅਦ ਕੁਝ ਦਿਨਾਂ ਤੱਕ ਲਗਾਤਾਰ ਸਵੇਰੇ ਅਤੇ ਸ਼ਾਮ ਨੂੰ ਧੁੰਦ ਰਹੇਗੀ। ਮੌਸਮ ਵਿਭਾਗ ਅਨੁਸਾਰ ਵੱਧ ਤੋਂ ਵੱਧ ਤਾਪਮਾਨ 26 ਡਿਗਰੀ ਸੈਲਸੀਅਸ ਤੱਕ ਰਹਿ ਸਕਦਾ ਹੈ। ਉੱਥੇ ਹੀ ਕਸ਼ਮੀਰ ਅਤੇ ਨਾਲ ਲੱਗਦੇ ਪਹਾੜੀ ਇਲਾਕਿਆਂ ਵਿੱਚ ਬਰਫ਼ਬਾਰੀ ਹੋ ਸਕਦੀ ਹੈ। ਵਿਭਾਗ ਨੇ ਖ਼ਦਸ਼ਾ ਪ੍ਰਗਟ ਕੀਤਾ ਹੈ ਕਿ ਯੂ. ਪੀ. ਅਤੇ ਬਿਹਾਰ ਚ ਕੁਝ ਥਾਵਾਂ 'ਤੇ ਦੋ ਦਿਨਾਂ ਤੱਕ ਮੀਂਹ ਪਵੇਗਾ। ਅਜਿਹੀ ਸਥਿਤੀ ਵਿੱਚ ਦੋਵੇਂ ਸੂਬਿਆਂ ਵਿੱਚ ਸਰਦੀਆਂ ਦਾ ਮੌਸਮ ਇਕ ਵਾਰ ਫਿਰ ਵਾਪਸ ਆ ਸਕਦਾ ਹੈ।

# ਸੋਨੇ ਦੀ ਕੀਮਤ 80 ਹਜ਼ਾਰ ਨੂੰ ਪਾਰ



ਮੋਹਾਲੀ, (ਲੋਕ ਬਾਣੀ ) - ਸੋਨਾ ਅੱਜ 22 ਜਨਵਰੀ ਨੂੰ ਆਪਣੇ ਸਭ ਤੋਂ ਉੱਚੇ ਪੱਧਰ ਤੇ ਪਹੁੰਚ ਗਿਆ ਹੈ।ਇੰਡੀਆ ਬੁਲੀਅਨ ਐਂਡ ਜਵੈਲਰਜ਼ ਐਸੋਸੀਏਸ਼ਨ (ਆਈ.ਬੀ.ਜੇ.ਏ.) ਮੁਤਾਬਕ 24 ਕੈਰੇਟ ਸੋਨੇ ਦੇ 10 ਗ੍ਰਾਮ ਦੀ ਕੀਮਤ 689 ਰੁਪਏ ਵਧ ਕੇ 80,142 ਰੁਪਏ ਹੋ ਗਈ ਹੈ। ਇਸ ਤੋਂ ਪਹਿਲਾਂ ਮੰਗਲਵਾਰ ਨੂੰ ਇਸ ਦੀ ਕੀਮਤ 79,453 ਰੁਪਏ ਪ੍ਰਤੀ ਦਸ ਗ੍ਰਾਮ ਸੀ। ਪਿਛਲੇ ਸਾਲ 30 ਅਕਤੂਬਰ ਨੂੰ ਸੋਨੇ ਦੀ ਕੀਮਤ 79,681 ਰੁਪਏ ਪ੍ਰਤੀ 10 ਗ੍ਰਾਮ ਸੀ।

ਇਸ ਦੇ ਨਾਲ ਹੀ ਅੱਜ ਚਾਂਦੀ ਦੀ ਕੀਮਤ ਵੀ ਵਧ ਰਹੀ ਹੈ। ਇਹ 634 ਰੁਪਏ ਵਧ ਕੇ 91,167 ਰੁਪਏ ਪ੍ਰਤੀ ਕਿਲੋਗ੍ਰਾਮ ਹੋ ਗਿਆ ਹੈ। ਇਸ ਤੋਂ ਪਹਿਲਾਂ ਚਾਂਦੀ 90,533 ਰੁਪਏ ਤੇ ਸੀ। ਚਾਂਦੀ 23 ਅਕਤੂਬਰ, 2024 ਨੂੰ ਸਭ ਤੋਂ ਉੱਚੇ ਪੱਧਰ ਤੇ ਪਹੁੰਚ ਗਈ, ਜਦੋਂ ਇਹ 99,151 ਰੁਪਏ ਪ੍ਰਤੀ ਕਿਲੋਗ੍ਰਾਮ ਨੂੰ ਛੂਹ ਗਈ।

**ਸੋਨੇ ਦੀ ਕੀਮਤ ਵਧਣ ਦੇ 5 ਮੁੱਖ ਕਾਰਨ:**

ਟਰੰਪ ਦੇ ਅਮਰੀਕੀ ਰਾਸ਼ਟਰਪਤੀ ਬਣਨ ਤੋਂ ਬਾਅਦ ਭੂ-ਵਿਗਿਆਨਕ ਤਣਾਅ ਵਧ ਗਿਆ ਹੈ।

ਅਮਰੀਕਾ ਨੇ ਹਾਲ ਹੀ ਵਿੱਚ ਵਿਆਜ ਦਰਾਂ ਵਿੱਚ ਕਟੌਤੀ ਕੀਤੀ ਹੈ ਅਤੇ ਉਨ੍ਹਾਂ ਵਿੱਚ ਹੋਰ ਕਟੌਤੀ ਹੋ ਸਕਦੀ ਹੈ।

ਡਾਲਰ ਦੇ ਮੁਕਾਬਲੇ ਰੁਪਏ ਦੇ ਕਮਜ਼ੋਰ ਹੋਣ ਕਾਰਨ ਸੋਨਾ ਮਹਿੰਗਾ ਹੋ ਰਿਹਾ ਹੈ। ਮਹਿੰਗਾਈ ਵਧਣ ਕਾਰਨ ਸੋਨੇ ਦੀਆਂ ਕੀਮਤਾਂ ਨੂੰ ਵੀ ਸਮਰਥਨ ਮਿਲ ਰਿਹਾ ਹੈ। ਸਟਾਕ ਮਾਰਕੀਟ ਵਿੱਚ ਵੱਧ ਰਹੀ ਅਸਥਿਰਤਾ ਦੇ ਕਾਰਨ, ਲੋਕ ਗੋਲਡ ਈਟੀਐਫ ਵਿੱਚ ਨਿਵੇਸ਼ ਕਰ ਰਹੇ ਹਨ।

# ਵਰਧਮਾਨ ਸਪੈਸ਼ਲ ਸਟੀਲ ਵੱਲੋਂ ਖੇਲ ਪ੍ਰੋਤਸਾਹਨ ਲਈ 4 ਲੱਖ ਰੁਪਏ ਸੌਂਪੇ

ਲੁਧਿਆਣਾ, (ਸੁਖਚੈਨ ਮਹਿਰਾ, ਨਰੇਸ਼ ਹੰਸ) – ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ (ਵੀ.ਐਸ.ਐਸ.ਐਲ.) ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਲੁਧਿਆਣਾ ਕੇਅਰਜ਼ ਦੇ ਸਹਿਯੋਗ ਨਾਲ ਅੱਜ ਆਪਣੇ ਖੇਡ ਪਹਿਲਕਦਮੀ ਪ੍ਰੋਜੈਕਟ ਖੇਲ ਪ੍ਰੋਤਸਾਹਨ ਤਹਿਤ ਅੱਜ ਲੁਧਿਆਣਾ ਦਿਹਾਤੀ ਖੇਤਰਾਂ ਵਿੱਚ ਚਾਰ ਖੇਡ ਕੇਂਦਰ ਖੋਲ੍ਹ ਕੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਅੱਗੇ ਆਏ ਹਨ, ਜਿਸ ਵਿੱਚ ਬੱਚਿਆਂ ਨੂੰ ਬਾਸਕਟ ਬਾਲ ਖੇਡ ਸਿਖਾਈ ਜਾਵੇਗੀ। ਵੀ.ਐਸ.ਐਸ.ਐਲ. ਵੱਲੋਂ ਇਸ ਪ੍ਰੋਜੈਕਟ ਤਹਿਤ ਇਹਨਾਂ ਕੇਂਦਰਾਂ ਲਈ ਵਧੀਆ ਕੋਚ ਪ੍ਰਦਾਨ ਕਰਨ ਅਤੇ ਖੇਡਾਂ ਦੇ ਸਾਜ਼ੋ-ਸਾਮਾਨ ਦੇ ਸਾਰੇ ਖਰਚਿਆਂ ਲਈ ਸਹਿਯੋਗ ਦਿੱਤਾ ਜਾ ਰਿਹਾ ਹੈ। ਸਾਲ 2024-25 ਲਈ 4 ਲੱਖ ਰੁਪਏ ਦਾ ਚੈਕ ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਸੌਂਪਿਆ ਗਿਆ.

ਡਿਪਟੀ ਕਮਿਸ਼ਨਰ ਸ੍ਰੀ ਜੋਰਵਾਲ ਨੇ ਵੀ.ਐਸ.ਐਸ.ਐਲ. ਦੇ ਵਾਈਸ ਚੇਅਰਮੈਨ ਸਚਿਤ ਜੈਨ ਦਾ ਆਪਣੇ ਸੀ.ਐਸ.ਆਰ. ਮਿਸ਼ਨ ਤਹਿਤ ਅਜਿਹੀ ਚੰਗੀ ਪਹਿਲ ਦਾ ਸਮਰਥਨ ਕਰਨ ਲਈ ਧੰਨਵਾਦ ਕੀਤਾ।

ਹੈੱਡ ਸੀ.ਐਸ.ਆਰ. ਵੀ.ਐਸ.ਐਸ.ਐਲ. ਅਮਿਤ ਧਵਨ, ਡਾ. ਬੇਰੀ ਅਤੇ ਲੁਧਿਆਣਾ ਕੇਅਰਜ਼ ਤੋਂ ਹਰਪ੍ਰੀਤ ਸੋਇਨ ਨੇ ਸਹਿਯੋਗ ਲਈ ਡਿਪਟੀ ਕਮਿਸ਼ਨਰ ਦਾ ਧੰਨਵਾਦ ਕੀਤਾ।



ਇੱਕ ਹੋਰ ਪਹਿਲਕਦਮੀ ਵਿੱਚ, ਵੀ.ਐਸ.ਐਸ.ਐਲ. ਨੇ ਆਪਣੀ ਸੀ.ਐਸ.ਆਰ. ਗਤੀਵਿਧੀਆਂ ਅਧੀਨ ਪ੍ਰੋਜੈਕਟ ਸਵੱਸਥ ਸਮਾਜ ਤਹਿਤ, ਪੰਜਾਬ ਵਿੱਚ ਗਰੀਬ ਅਤੇ ਲੋੜਵੰਦ ਲੋਕਾਂ ਨੂੰ ਮੁਫਤ ਅੰਗ ਪ੍ਰਦਾਨ ਕਰਨ ਲਈ 8.5 ਲੱਖ ਰੁਪਏ ਭਾਰਤ ਵਿਕਾਸ ਪ੍ਰੀਸ਼ਦ ਚੈਰੀਟੇਬਲ ਟਰੱਸਟ ਦੇ ਆਰਟੀਫਿਸ਼ੀਅਲ ਲਿੰਬਸ ਕੇਂਦਰ ਨੂੰ ਸੌਂਪੇ। ਇਹ ਚੈੱਕ ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਸ੍ਰੀ ਅਮਿਤ ਧਵਨ ਹੈੱਡ ਸੀ.ਐਸ.ਆਰ. ਵਰਧਮਾਨ ਸਪੈਸ਼ਲ ਸਟੀਲਜ਼ ਨਾਲ ਮਿਲ ਕੇ ਸੌਂਪਿਆ।

ਸ੍ਰੀ ਧਵਨ ਨੇ ਸਾਂਝਾ ਕੀਤਾ ਕਿ ਵੀ.ਐਸ.ਐਸ.ਐਲ. ਦੇ ਵਾਈਸ ਚੇਅਰਮੈਨ ਸਚਿਤ ਜੈਨ ਪੰਜ ਸਾਲਾਂ ਲਈ 30 ਲੱਖ ਰੁਪਏ ਦੀ ਸਾਲਾਨਾ ਮਦਦ ਲਈ ਆਰਟੀਫਿਸ਼ੀਅਲ ਲਿੰਬਸ ਸੈਂਟਰ ਦਾ ਸਹਿਯੋਗ ਕਰਨ ਲਈ ਵਚਨਬੱਧ ਹਨ ਅਤੇ ਇਸ ਸਾਲ 1950 ਲੋਕ ਇਸ ਸਹਾਇਤਾ ਰਾਹੀਂ ਪਹਿਲਾਂ ਹੀ ਮੁਫਤ ਅੰਗ ਪ੍ਰਾਪਤ ਕਰ ਚੁੱਕੇ ਹਨ। ਡਿਪਟੀ ਕਮਿਸ਼ਨਰ ਸ੍ਰੀ ਜੋਰਵਾਲ ਨੇ ਸਚਿਤ ਜੈਨ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਪਿੰਡ ਬਡਾਲੀ ਵਿਖੇ ਭਲਾਈ ਸਕੀਮਾਂ ਸਬੰਧੀ ਕੈਂਪ ਲਗਾਇਆ



ਖਰੜ, ( ਕਾਲਾਂ ਸੰਘ ਸੈਣੀ )-ਨਗਰ ਕੌਂਸਲ 'ਚ ਪੈਂਦੇ ਪਿੰਡ ਬਡਾਲੀ ਵਿਖੇ ਹਲਕਾ ਵਿਧਾਇਕ ਅਨਮੋਲ ਗਗਨ ਮਾਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਮਜ਼ਦੂਰ ਭਲਾਈ ਸਕੀਮਾਂ ਸਬੰਧੀ ਕੈਂਪ ਲਾਇਆ ਗਿਆ। ਇਸ ਮੌਕੇ ਲੇਬਰ ਕੋਆਰਡੀਨੇਟਰ ਰਘਵੀਰ ਸਿੰਘ ਬਡਾਲਾ ਨੇ ਮਜ਼ਦੂਰਾਂ ਨੂੰ ਚੱਲ ਰਹੀਆਂ ਮਜ਼ਦੂਰ ਭਲਾਈ ਸਕੀਮਾਂ ਸਬੰਧੀ ਜਾਣੂ ਕਰਵਾਇਆ ਗਿਆ। ਕੈਂਪ ਚ ਲੇਬਰ ਕਾਰਡ ਬਣਾਉਣ ਸਬੰਧੀ ਫਾਰਮ ਭਰੇ ਗਏ ਅਤੇ 30 ਦੇ ਕਰੀਬ ਲੇਬਰ ਕਾਰਡ ਬਣਾਏ ਗਏ। ਉਨ੍ਹਾਂ ਮਜ਼ਦੂਰ ਸਾਥੀਆਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਹਾ ਲੈਣ। ਇਸ ਮੌਕੇ ਕੌਂਸਲਰ ਜਸਵੀਰ ਸਿੰਘ, ਤਲਵਿੰਦਰ ਸਿੰਘ, ਭੁਪਿੰਦਰ ਸਿੰਘ, ਜਗਦੀਸ਼ ਸਿੰਘ, ਸਤਨਾਮ ਸਿੰਘ ਅਤੇ ਤਰਨਜੀਤ ਕੌਰ ਸਮੇਤ ਹੋਰ ਆਗੂ ਹਾਜ਼ਰ ਸਨ।

# ਡੀ.ਜੀ.ਪੀ. ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਵੱਲੋਂ ਗਣਤੰਤਰ ਦਿਵਸ ਤੇ ਸੁਰੱਖਿਆ ਦੇ ਮੱਦੇਨਜ਼ਰ ਕੀਤਾ ਥਾਣਾ ਸਦਰ ਖਰੜ ਦਾ ਦੌਰਾ

ਖਰੜ,( ਕਾਲਾਂ ਸਿੰਘ ਸੈਣੀ )-26 ਜਨਵਰੀ ਗਣਤੰਤਰ ਦਿਵਸ ਦੇ ਮੱਦੇ ਨਜ਼ਰ ਸਪੈਸ਼ਲ ਡੀ.ਜੀ.ਪੀ. ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਵੱਲੋਂ ਖਰੜ ਵਿਖ਼ੇ ਪੁਲਸ ਥਾਣਿਆਂ ਦੀ ਚੈੱਕਿੰਗ ਕੀਤੀ ਗਈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡੀ.ਐਸ.ਪੀ. ਖਰੜ-1 ਕਰਨ ਸਿੰਘ ਸੰਧੂ ਨੇ ਦੱਸਿਆ ਕਿ 26 ਜਨਵਰੀ ਗਣਤੰਤਰ ਦਿਵਸ ਦੇ ਮੱਦੇ ਨਜ਼ਰ ਸੁਰੱਖਿਆ ਨੂੰ ਮੁੱਖ ਰੱਖਦਿਆਂ ਪੂਰੇ ਪੰਜਾਬ ਵਿੱਚ ਪੁਲਸ ਵਿਭਾਗ ਦੇ ਉੱਚ ਅਧਿਕਾਰੀਆਂ ਵੱਲੋਂ ਦੌਰੇ ਕੀਤੇ ਜਾ ਰਹੇ ਹਨ ਜਿਸ ਦੇ ਤਹਿਤ ਹੀ ਅੱਜ ਖਰੜ ਦੇ ਪੁਲਸ ਥਾਣਾ ਸਦਰ ਖਰੜ ਵਿਖੇ ਡੀ.ਜੀ.ਪੀ. ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਵੱਲੋਂ ਐਸ.ਪੀ. (ਜਾਂਚ) ਮੋਹਾਲੀ ਡਾ. ਜੋਤੀ ਯਾਦਵ ਸਮੇਤ ਥਾਣੇ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨਾਂ ਵੱਲੋਂ ਪੁਲਸ ਅਧਿਕਾਰੀਆਂ ਨੂੰ ਗਣਤੰਤਰ ਦਿਵਸ ਦੇ ਮੱਦੇਨਜ਼ਰ ਸੁਰੱਖਿਆ ਪ੍ਰਬੰਧਾਂ ਨੂੰ ਪੁਖਤਾ ਕਰਨ ਅਤੇ ਖਾਸ ਕਰਕੇ ਪੂਰੇ ਪੰਜਾਬ ਵਿੱਚ ਚੱਲ ਰਹੇ ਚਾਈਨਾ ਡੋਰ ਦੇ ਸਰਚ ਅਭਿਆਨ ਉੱਤੇ ਸਖਤੀ ਨਾਲ ਕਾਰਵਾਈ ਕਰਨ ਲਈ ਕਿਹਾ ਗਿਆ। ਉਹਨਾਂ ਦੱਸਿਆ ਕਿ ਖਰੜ ਪੁਲਸ ਵੱਲੋਂ ਸਾਰੇ ਖੇਤਰ ਵਿੱਚ ਚਾਈਨਾ ਡੋਰ ਦੇ ਸੰਬੰਧ ਵਿੱਚ ਚੈਕਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਦੋਸ਼ੀਆਂ ਖਿਲਾਫ ਕਾਰਵਾਈ ਕੀਤੀ ਜਾ ਰਹੀ ਹੈ। ਇਸ ਮੌਕੇ ਉਨਾਂ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਸ਼ਹਿਰ ਵਿੱਚ ਕਿਸੇ ਦੁਕਾਨਦਾਰ ਵੱਲੋਂ ਚਾਈਨਾ ਡੋਰ ਵੇਚੀ ਜਾ ਰਹੀ ਹੈ ਤਾਂ ਉਸ ਸਬੰਧੀ ਪੁਲਸ ਨੂੰ ਸੂਚਿਤ ਕੀਤਾ ਜਾਵੇ। ਉਨ੍ਹਾਂ ਦੁਕਾਨਦਾਰਾਂ ਅਤੇ ਵਪਾਰ ਮੰਡਲ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਚਾਈਨਾ ਡੋਰ ਨੂੰ ਨਾ ਵੇਚਣ ਤੇ ਨਾ ਹੀ ਲਿਆਉਣ ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਦੁਕਾਨਦਾਰ ਦੀ ਦੁਕਾਨ ਤੋਂ ਚਾਈਨਾ ਡੋਰ ਬਰਾਮਦ ਹੁੰਦੀ ਹੈ ਤਾਂ ਉਸ ਦੇ ਖਿਲਾਫ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਮੌਕੇ ਉਨਾਂ 26 ਜਨਵਰੀ ਨੂੰ ਕਿਸਾਨਾਂ ਵੱਲੋਂ ਕੀਤੇ ਜਾ ਰਹੇ ਟਰੈਕਟਰ ਮਾਰਚ ਸਬੰਧੀ ਪੁੱਛੇ ਇੱਕ ਪ੍ਰਸ਼ਨ ਦਾ ਉੱਤਰ ਦਿੰਦਿਆਂ ਕਿਹਾ ਕਿ ਖਰੜ ਪ੍ਰਸ਼ਾਸਨ ਵੱਲੋਂ 26 ਜਨਵਰੀ ਦਾ ਪ੍ਰੋਗਰਾਮ ਹਰ ਸਾਲ ਦੀ ਤਰ੍ਹਾਂ ਅਨਾਜ ਮੰਡੀ ਖਰੜ ਵਿਖੇ ਕੀਤਾ ਜਾ ਰਿਹਾ ਹੈ ਜਿਸ ਲਈ ਪੁਲਸ ਵੱਲੋਂ ਪੂਰੇ ਪੁਖਤਾ ਸੁਰੱਖਿਆ ਪ੍ਰਬੰਧ ਕੀਤੇ ਹੋਏ ਹਨ। ਜਦੋਂ ਕਿ ਕਿਸਾਨਾਂ ਵੱਲੋਂ ਜੋ ਟਰੈਕਟਰਾਂ ਨਾਲ ਰੋਸ ਮਾਰਚ ਕੱਢਿਆ



ਜਾਣਾ ਹੈ ਉਹ 11 ਵਜੇ ਸ਼ੁਰੂ ਹੋਣਾ ਹੈ ਜੋ ਕਿ ਬਾਅਦ ਦੁਪਹਿਰ ਹੀ ਅਨਾਜ ਮੰਡੀ ਖਰੜ ਵਿਖੇ ਪਹੁੰਚੇਗਾ। ਉਨ੍ਹਾਂ ਕਿਹਾ ਕਿ ਇਸ ਰੋਸ ਮਾਰਚ ਸਬੰਧੀ ਉਨ੍ਹਾਂ ਵੱਲੋਂ ਕਿਸਾਨ ਯੂਨੀਅਨ ਨਾਲ ਤਾਲਮੇਲ ਕੀਤਾ ਜਾ ਰਿਹਾ ਹੈ ਤਾਂ ਜੋ ਹਰ ਪੱਖ ਤੋਂ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸੰਵਿਧਾਨ ਸਾਰਿਆਂ ਨੂੰ ਆਪਣੀਆਂ ਮੰਗਾਂ ਲਈ ਆਵਾਜ਼ ਚੁੱਕਣ ਦਾ ਹੱਕ ਦਿੰਦਾ ਹੈ ਅਤੇ ਕਿਸਾਨ ਵੀ ਆਪਣੇ ਜ਼ਾਬਤੇ ਵਿੱਚ ਰਹਿੰਦੇ ਹੋਏ ਇਹ ਰੋਸ ਮਾਰਚ ਕੱਢਣ। ਇਸ ਮੌਕੇ ਐਸ.ਐਚ.ਓ. ਸਦਰ ਅਮਰਿੰਦਰ ਸਿੰਘ ਸਮੇਤ ਵੱਡੀ ਗਿਣਤੀ ਚ ਪੁਲਸ ਮੁਲਾਜ਼ਮ ਮੌਜੂਦ ਸਨ।

# ਜਥੇਦਾਰ ਨਿਮਾਣਾ ਨੇ ਜੈਕਾਰਿਆਂ ਦੀ ਗੂੰਜ ਵਿੱਚ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨਾਂ ਲਈ ਬੱਸਾਂ ਨੂੰ ਕੀਤਾ ਰਵਾਨਾ




ਲੁਧਿਆਣਾ:( ਸੁਖਚੇਨ ਮਹਿਰਾ,ਨਰੇਸ਼ ਹੰਸ ) ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਦਰਸ਼ਨਾਂ ਲਈ ਸਥਾਨਕ ਗੁਰਦੁਆਰਾ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ, ਧਰਮਪੁਰਾ ਲੁਧਿਆਣਾ ਤੋਂ ਨਿਸ਼ਾਨ ਸਾਹਿਬ ਦੇ ਝੰਡੇ ਥੱਲੇ ਗੁਰਪ੍ਰੀਤ ਸਿੰਘ ਧਰਮਪੁਰਾ ਮੁੱਖ ਸੇਵਾਦਾਰ ਗੁਰੂ ਰਾਮਦਾਸ ਸੇਵਾ ਸੁਸਾਇਟੀ ਦੀ ਅਗਵਾਈ ਵਿੱਚ ਸੱਚਖੰਡ ਸ੍ਰੀ ਦਰਬਾਰ ਸਾਹਿਬ ਜੀ,ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾਂ ਲਈ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਜੈਕਾਰਿਆਂ ਦੀ ਗੂੰਜ ਵਿੱਚ ਬਸਾਂ ਨੂੰ ਰਵਾਨਾ ਕੀਤਾ। ਇਸ ਮੌਕੇ ਤੇ ਸੁਰਿੰਦਰ ਪਾਲ ਸਿੰਘ, ਰਜਿੰਦਰ ਸਿੰਘ ਮਦਾਨ, ਰਨਬੀਰ ਸਿੰਘ,ਗੁਰਵਿੰਦਰ ਸਿੰਘ ਸੋਨੂੰ, ਹਰਸਿਮਰਨ ਸਿੰਘ, ਗੁਰਜੋਤ ਸਿੰਘ, ਜਤਿੰਦਰ ਕੁਮਾਰ, ਸਿਮਰਨ ਸਿੰਘ ਸੂਰੀ, ਹਰਪ੍ਰੀਤ ਸਿੰਘ, ਗੁਰਦੀਪ ਸਿੰਘ ਅਮਰਜੀਤ ਸਿੰਘ ਭੱਟੀ,ਹਾਜ਼ਰ ਸਨ

# ਐਸ ਸੀ ਡੀ ਸਰਕਾਰੀ ਕਾਲਜ ਵਿੱਚ ਸੱਭਿਆਚਾਰਕ ਸਮਾਗਮ

ਲੁਧਿਆਣਾ (ਸੁਖਚੈਨ ਮਹਿਰਾ)ਐਸ ਸੀ ਡੀ ਸਰਕਾਰੀ ਕਾਲਜ, ਲੁਧਿਆਣਾ ਦੀ ਸਟੂਡੈਂਟ ਕੌਂਸਲ ਨੇ 22 ਜਨਵਰੀ, 2025 ਨੂੰ ਕਾਲਜ ਕੈਂਪਸ ਵਿੱਚ ਇੱਕ ਸ਼ਾਨਦਾਰ ਸੱਭਿਆਚਾਰਕ ਐਕਸਟਰਾਵੈਗਨਜ਼ਾ ਦਾ ਆਯੋਜਨ ਕੀਤਾ। ਇਸ ਜੀਵੰਤ ਸਮਾਗਮ ਨੇ ਪੰਜਾਬ ਦੇ ਅਮੀਰ ਅਤੇ ਵਿਭਿੰਨ ਸੱਭਿਆਚਾਰਕ ਵਿਰਸੇ ਨੂੰ ਮਨਮੋਹਕ ਪੇਸ਼ਕਾਰੀਆਂ ਦੀ ਇੱਕ ਲੜੀ ਰਾਹੀਂ ਮਨਾਇਆ ਜਿਸ ਵਿੱਚ ਬਾਰਡ, ਕਵਿਤਾ ਪਾਠ, ਭਾਵਪੂਰਤ ਗਾਇਕੀ ਅਤੇ ਊਰਜਾਵਾਨ ਲਾਈਵ ਬੈਂਡ ਸ਼ਾਮਲ ਹਨ। ਭੰਗੜਾ, ਗਿੱਧਾ ਅਤੇ ਬੋਲੀਆਂ ਵਰਗੇ ਲੋਕ ਨਾਚਾਂ ਨੇ ਇੱਕ ਅਨੰਦਮਈ ਅਤੇ ਸੰਮਿਲਿਤ ਮਾਹੌਲ ਪੈਦਾ ਕੀਤਾ ਜਿਸ ਨੇ ਸਭ ਨੂੰ ਸੱਭਿਆਚਾਰਕ ਮਾਣ ਦੀ ਭਾਵਨਾ ਵਿੱਚ ਜੋੜਿਆ। ਇਸ ਸਮਾਗਮ ਵਿੱਚ ਕਾਲਜ ਦੇ ਵਿਦਿਆਰਥੀਆਂ, ਫੈਕਲਟੀ ਅਤੇ ਸਟਾਫ਼ ਸਮੇਤ ਲਗਭਗ 600 ਹਾਜ਼ਰ ਸਨ।ਪ੍ਰੋਗਰਾਮ ਦਾ ਰਸਮੀ ਉਦਘਾਟਨ ਪ੍ਰਿੰਸੀਪਲ ਪ੍ਰੋ. ਸੁਮਨ ਲਤਾ, ਜਿਨ੍ਹਾਂ ਨੇ ਅੱਜ ਦੇ ਤੇਜ਼ੀ ਨਾਲ ਬਦਲ ਰਹੇ ਸੰਸਾਰ ਵਿੱਚ ਆਪਣੀਆਂ ਸੱਭਿਆਚਾਰਕ ਜੜ੍ਹਾਂ ਨਾਲ ਜੁੜੇ ਰਹਿਣ ਦੀ ਮਹੱਤਤਾ ਨੂੰ ਉਜਾਗਰ ਕੀਤਾ। ਉਨ੍ਹਾਂ ਨੇ ਇਸ ਸਮਾਗਮ ਦੇ ਆਯੋਜਨ ਅਤੇ ਪੰਜਾਬ ਦੀਆਂ ਅਮੀਰ ਅਤੇ ਰੰਗੀਨ ਪਰੰਪਰਾਵਾਂ ਨੂੰ ਸਫਲਤਾਪੂਰਵਕ ਅੱਗੇ ਵਧਾਉਣ ਲਈ ਵਿਦਿਆਰਥੀ ਕੌਂਸਲ ਦੇ ਅਣਥੱਕ ਯਤਨਾਂ ਦੀ ਸ਼ਲਾਘਾ ਕੀਤੀ।ਪ੍ਰੋਗਰਾਮ ਦੀ ਸਫ਼ਲਤਾ ਕੌਂਸਲ ਦੇ ਕਨਵੀਨਰ ਡਾ: ਸਜਲਾ ਦੀ ਮਾਹਿਰ ਰਹਿਨੁਮਾਈ ਹੇਠ ਹੀ ਸੰਭਵ ਹੋ ਸਕੀ, ਜਿਨ੍ਹਾਂ ਨੇ ਪ੍ਰੋਗਰਾਮ ਦੇ ਅੰਤ ਵਿੱਚ ਤਹਿ ਦਿਲੋਂ



ਧੰਨਵਾਦ ਵੀ ਕੀਤਾ। ਕੌਂਸਲ ਦੇ ਸੀਨੀਅਰ ਮੈਂਬਰ ਡਾ: ਸੌਰਭ, ਡਾ: ਨਿਤਿਨ ਅਤੇ ਸ਼੍ਰੀਮਤੀ ਟਿਪਸੀ ਨੇ ਵੀ ਵਿਦਿਆਰਥੀਆਂ ਨੂੰ ਹੌਸਲਾ ਅਫ਼ਜ਼ਾਈ ਅਤੇ ਪ੍ਰੇਰਨਾ ਪ੍ਰਦਾਨ ਕਰਕੇ ਇਸ ਮੌਕੇ ਦੀ ਸ਼ੋਭਾ ਵਧਾਈ।

# ਆਪ੍ਰੇਸ਼ਨ ਤ੍ਰਿਨੇਤਰ ਮੁਹਿੰਮ ਦੀ ਅਗਵਾਈ ਕਰ ਰਹੇ ਇੰਸਪੈਕਟਰ ਅਰੁਣ ਦਿਵੇਦੀ ਦੀ ਅਗਵਾਈ ਹੇਠ ਚੌਕੀ ਇੰਚਾਰਜ ਵਿਕਾਸ ਸ਼ਰਮਾ ਨੇ ਟੀ.ਪੀ.ਨਗਰ ਵਿੱਚ ਕੈਮਰੇ ਲਗਾਏ।

ਕਾਨਪੁਰ। (ਸੁਨੀਲ ਬਾਜਪਾਈ ) ਹਰ ਕਿਸਮ ਦੇ ਅਪਰਾਧੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਪੁਲਿਸ ਦੀ ਸਹਾਇਤਾ ਲਈ ਇੱਥੇ ਉੱਚ ਗੁਣਵੱਤਾ ਵਾਲੇ ਆਈਪੀ ਕੈਮਰੇ ਲਗਾਉਣ ਦੀ ਪ੍ਰਕਿਰਿਆ ਜਾਰੀ ਹੈ। ਇਸੇ ਕੜੀ ਤਹਿਤ ਪੁਲਿਸ ਕਮਿਸ਼ਨਰ ਅਖਿਲ ਕੁਮਾਰ ਵੱਲੋਂ ਨਿਰਪੱਖ ਅਤੇ ਪਾਰਦਰਸ਼ੀ ਕਾਰਜਸ਼ੈਲੀ ਰੱਖਣ ਵਾਲੇ ਇੰਸਪੈਕਟਰ ਅਰੁਣ ਦਿਵੇਦੀ ਦੀ ਅਗਵਾਈ ਹੇਠ ਚਲਾਏ ਜਾ ਰਹੇ ਅਪਰੇਸ਼ਨ ਤ੍ਰਿਨੇਤਰ ਮੁਹਿੰਮ ਤਹਿਤ ਅਪਰਾਧੀਆਂ ਦੇ ਖਿਲਾਫ਼ ਲਗਾਤਾਰ ਸਫ਼ਲ ਮੋਰਚਾ ਖੋਲ੍ਹਦਿਆਂ ਹੁਣ ਤੱਕ 500 ਤੋਂ ਵੱਧ ਹਾਈ ਬਾਬੂ ਪੁਰਵਾ ਥਾਣਾ ਖੇਤਰ ਵਿੱਚ ਗੁਣਵੱਤਾ ਵਾਲੇ ਕੈਮਰੇ ਲਗਾਏ ਗਏ ਹਨ।



ਇਸੇ ਕੜੀ ਤਹਿਤ ਹੁਣੇ-ਹੁਣੇ ਟਰਾਂਸਪੋਰਟ ਨਗਰ ਦੇ ਇੰਚਾਰਜ ਇੰਸਪੈਕਟਰ ਅਰੁਣ ਦਿਵੇਦੀ ਦੀ ਅਗਵਾਈ ਚ ਚੌਕੀ ਇੰਚਾਰਜ ਵਿਕਾਸ ਸ਼ਰਮਾ ਦੀ ਟੀਮ ਨੇ ਟਰਾਂਸਪੋਰਟ ਨਗਰ ਚ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਮਧੂ ਫੈਕਟਰੀ ਨਾਲ ਤਾਲਮੇਲ ਕਾਇਮ ਕਰਕੇ ਲੁਟੇਰਿਆਂ ਨੂੰ ਨਸ਼ਟ ਕਰ ਦਿੱਤਾ। ਕਾਂਟੇ ਨੂੰ ਅਪਰੇਸ਼ਨ ਤ੍ਰਿਨੇਤਰ ਮੁਹਿੰਮ ਦੇ ਹਿੱਸੇ ਵਜੋਂ ਅਪਣਾਇਆ ਗਿਆ ਹੈ, ਜਿਸ ਤਹਿਤ ਹੁਣ ਟਰਾਂਸਪੋਰਟ ਨਗਰ ਚੌਂਕੀ ਖੇਤਰ ਵਿੱਚ ਵੀ ਐਸ ਐਂਡ ਐਨ ਕੰਪਿਊਟਰ ਕੰਪਨੀ ਵੱਲੋਂ ਸੀ.ਪੀ.ਪਲੱਸ ਕੰਪਨੀ ਦੇ ਚਾਰ ਉੱਚ ਗੁਣਵੱਤਾ ਵਾਲੇ ਆਈਪੀ ਕੈਮਰੇ ਲਗਾਏ ਗਏ ਹਨ।

ਦੱਸ ਦੇਈਏ ਕਿ ਪੁਲਿਸ ਕਮਿਸ਼ਨਰ ਅਖਿਲ ਕੁਮਾਰ ਵੱਲੋਂ ਅਪਰੇਸ਼ਨ ਤ੍ਰਿਨੇਤਰ ਤਹਿਤ ਹੁਣ ਤੱਕ ਹਜ਼ਾਰਾਂ ਕੈਮਰੇ ਲਗਾਏ ਜਾ ਚੁੱਕੇ ਹਨ। ਅਤੇ ਹੁਣ ਇਹ ਉੱਚ ਗੁਣਵੱਤਾ ਵਾਲੇ ਕੈਮਰੇ ਵੀ ਅਪਰਾਧ ਕਰਨ ਤੋਂ ਬਾਅਦ ਫਰਾਰ ਹੋਣ ਵਾਲੇ ਅਪਰਾਧੀਆਂ ਨੂੰ ਜਲਦੀ ਫੜਨ ਵਿੱਚ ਬਹੁਤ ਹੀ ਮਹੱਤਵਪੂਰਨ ਭੂਮਿਕਾ ਨਿਭਾਉਣ ਵਿੱਚ ਸਫਲ ਹੋ ਰਹੇ ਹਨ। ਇਹ ਪੁਲਿਸ ਕਮਿਸ਼ਨਰ ਅਖਿਲ ਕੁਮਾਰ ਦੇ ਲਗਾਤਾਰ ਆਪ੍ਰੇਸ਼ਨ ਤ੍ਰਿਨੇਤਰ ਦਾ ਹੀ ਕ੍ਰਿਸ਼ਮਾ ਹੈ ਕਿ ਵਾਰਦਾਤ ਤੋਂ ਬਾਅਦ ਫ਼ਰਾਰ ਹੋਏ ਸਾਰੇ ਅਪਰਾਧੀ ਪੁਲਿਸ ਦੇ ਚੁੰਗਲ ਵਿਚ ਫਸਣ ਤੋਂ ਬਚ ਨਹੀਂ ਸਕੇ । ਇੰਨਾ ਹੀ ਨਹੀਂ ਆਮ ਲੋਕਾਂ ਤੋਂ ਲੈ ਕੇ ਆਪ੍ਰੇਸ਼ਨ ਤ੍ਰਿਨੇਤਰ ਦੇ ਤਹਿਤ ਕੈਮਰੇ ਲਗਾਉਣ ਚ ਪੁਲਸ ਦੀ ਮਦਦ ਕੀਤੀ ਜਾ ਰਹੀ ਹੈ। ਦੇਸ਼ ਅਤੇ ਸਮਾਜ ਲਈ ਉਨ੍ਹਾਂ ਦਾ ਸਹਿਯੋਗ ਵੀ ਸ਼ਲਾਘਾ ਦਾ ਹੱਕਦਾਰ ਹੈ।

# ਪੀ.ਡਬਲਯੂ.ਡੀ. ਵਰਕਰਜ਼ ਯੂਨੀਅਨ ਇੰਟਕ ਦੇ ਜਿਲ੍ਹਾ ਜਨਰਲ ਸਕੱਤਰ ਨੂੰ ਸਦਮਾ, ਪਤਨੀ ਦੀ ਮੌਤ

ਫਗਵਾੜਾ ( ਸੁਸ਼ੀਲ ਸ਼ਰਮਾ ) ਪੰਜਾਬ ਪੀ.ਡਬਲਯੂ.ਡੀ. ਵਰਕਰਜ਼ ਯੂਨੀਅਨ ਇੰਟਕ ਦੇ ਜਿਲ੍ਹਾ ਜਨਰਲ ਸਕੱਤਰ ਮਹਿੰਦਰ ਸਿੰਘ ਦੀ ਧਰਮ ਪਤਨੀ ਜੋ ਕਿ ਬੀਤੇ ਦਿਨੀਂ ਆਪਣੀ ਸੰਸਾਰਿਕ ਯਾਤਰਾ ਪੂਰਣ ਕਰਦੇ ਹੋਏ ਗੁਰੂ ਚਰਨਾਂ ਵਿਚ ਜਾ ਵਿਰਾਜੇ ਹਨ, ਉਹਨਾਂ ਦੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਯੂਨੀਅਨ ਦੇ ਪ੍ਰਧਾਨ ਮੇਜਰ ਸਿੰਘ ਸੈਣੀ, ਜੋਗਿੰਦਰ ਸਿੰਘ ਪ੍ਰਧਾਨ ਕਪੂਰਥਲਾ, ਪਰਮਿੰਦਰ ਕੁਮਾਰ ਪ੍ਰਧਾਨ ਫਗਵਾੜਾ, ਨਿਰਮਲ ਸਿੰਘ ਨਿੰਮਾ ਫਗਵਾੜਾ, ਸੁਰਜੀਤ ਲਾਲ ਜਨਰਲ ਸਕੱਤਰ ਫਗਵਾੜਾ, ਮਨਜੀਤ ਸਿੰਘ ਬਲੱਗਣ ਜਨਰਲ ਸਕੱਤਰ ਜਲੰਧਰ, ਸ਼ਾਮ ਸਿੰਘ ਅੱਤਰੀ ਜਲੰਧਰ, ਸੁਰਜੀਤ ਸਿੰਘ ਮਾਹੀ ਫਗਵਾੜਾ, ਸੁਖਵਿੰਦਰ ਸਿੰਘ ਲਾਗੋਕੇ, ਰਾਜਿੰਦਰ ਕੁਮਾਰ ਨਵਾਂਸ਼ਹਿਰ, ਜਸਵੀਰ ਲਾਲ ਨਵਾਂਸ਼ਹਿਰ, ਰੂਪ ਲਾਲ ਫਗਵਾੜਾ, ਚਾਂਦ ਫਗਵਾੜਾ, ਰਾਜਕੁਮਾਰ ਨਕੋਦਰ, ਰਾਜੇਸ਼ ਕੁਮਾਰ ਤਿਵਾੜੀ ਨਕੋਦਰ ਨੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਵਿਛੜੀ ਰੂਹ ਨੂੰ ਗੁਰੂ ਚਰਨਾਂ ਵਿਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਦੀ ਪਰਮਾਤਮਾ ਅੱਗੇ ਅਰਦਾਸ ਕੀਤੀ ਹੈ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਮਿਤੀ 26 ਜਨਵਰੀ ਦਿਨ ਐਤਵਾਰ ਨੂੰ ਉਹਨਾਂ ਦੇ ਗ੍ਰਹਿ ਪਿੰਡ ਬੂਟਾ ਤਹਿਸੀਲ ਤੇ ਜਿਲ੍ਹਾ ਕਪੂਰਥਲਾ ਵਿਖੇ ਹੋਵੇਗੀ।

# ਰਾਜ ਚੋਣ ਕਮਿਸ਼ਨ ਵੱਲੋਂ ਨਗਰ ਨਿਗਮ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਆਮ ਚੋਣਾਂ-2025 ਸਬੰਧੀ ਵੋਟਰ ਸੂਚੀਆਂ ਤਿਆਰ ਕਰਨ ਲਈ ਪ੍ਰੋਗਰਾਮ ਜਾਰੀ



ਗੁਰਦਾਸਪੁਰ - ਨਵਨੀਤ ਕੁਮਾਰ - ਮਾਣਯੋਗ ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਸੂਬੇ ਵਿੱਚ ਨਗਰ ਨਿਗਮ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਆਮ ਚੋਣਾਂ-2025 ਕਰਵਾਉਣ ਲਈ ਯੋਗਤਾ ਮਿਤੀ 01 ਜਨਵਰੀ 2025 ਦੇ ਅਧਾਰ ਤੇ ਵੋਟਰ ਸੂਚੀਆਂ ਤਿਆਰ ਕਰਨ ਲਈ ਪ੍ਰੋਗਰਾਮ ਜਾਰੀ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣਕਾਰ ਅਫ਼ਸਰ, ਗੁਰਦਾਸਪੁਰ ਸ੍ਰੀ ਗੁਰਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ ਡਰਾਫ਼ਟ ਵੋਟਰ ਸੂਚੀਆਂ (ਯੋਗਤਾ ਮਿਤੀ 01 ਜਨਵਰੀ 2025 ਦੇ ਅਧਾਰ ਤੇ) ਮਿਤੀ 20 ਜਨਵਰੀ 2025 ਤੋਂ 24 ਜਨਵਰੀ 2025 ਤੱਕ ਤਿਆਰ ਕੀਤੀਆਂ ਜਾਣਗੀਆਂ। ਇਸ ਤੋਂ ਬਾਅਦ 25 ਜਨਵਰੀ 2025 ਨੂੰ ਡਰਾਫ਼ਟ ਵੋਟਰ ਸੂਚੀਆਂ ਦੀ ਪ੍ਰਕਾਸ਼ਨਾਂ ਕੀਤੀ ਜਾਵੇਗੀ ਅਤੇ ਮਿਤੀ 27 ਜਨਵਰੀ ਤੋਂ 3 ਫਰਵਰੀ 2025 ਤੱਕ ਵੋਟਰ ਸੂਚੀਆਂ ਸਬੰਧੀ ਦਾਅਵੇ ਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ 11 ਫਰਵਰੀ 2025 ਤੱਕ ਦਾਅਵੇ ਤੇ ਇਤਰਾਜ਼ਾਂ ਨੂੰ ਦੂਰ ਕੀਤਾ ਜਾਵੇਗਾ ਅਤੇ ਇਸ ਉਪਰੰਤ 14 ਫਰਵਰੀ 2025 ਨੂੰ ਵੋਟਰ ਸੂਚੀਆਂ ਦੀ ਫਾਈਨਲ ਪ੍ਰਕਾਸ਼ਨਾਂ ਕੀਤੀ ਜਾਵੇਗੀ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨੇ ਕਿਹਾ ਕਿ ਉਪਰੋਕਤ ਜਾਰੀ ਪ੍ਰੋਗਰਾਮ ਅਨੁਸਾਰ ਨਵੀਆਂ ਵੋਟਾਂ ਬਣਾਉਣ, ਕਟਾਉਣ ਜਾਂ ਕਿਸੇ ਕਿਸਮ ਦੀ ਸੋਧ ਲਈ ਫਾਰਮ ਨੰਬਰ 7, 8 ਅਤੇ 9 ਭਰੇ ਜਾਣਗੇ ਅਤੇ ਇਹ ਫਾਰਮ ਸਬੰਧਿਤ ਨਗਰ ਨਿਗਮ, ਨਗਰ ਕੌਂਸਲ, ਸਬੰਧਿਤ ਉਪ ਮੰਡਲ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਜਾਂ ਰਾਜ ਚੋਣ ਕਮਿਸ਼ਨ ਦੀ ਵੈੱਬਸਾਈਟ sec.punjab.gov.in ਤੋਂ ਵੀ ਡਾਊਨਲੋਡ ਕੀਤੇ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਜ਼ਿਲ੍ਹੇ ਵਿੱਚ ਨਗਰ ਕੌਂਸਲ ਡੇਰਾ ਬਾਬਾ ਨਾਨਕ ਦੀ ਆਮ ਚੋਣ-2025 ਕਰਵਾਈ ਜਾਣੀ ਹੈ।

# ਸ਼ਹਿਰ ਦੇ ਦੱਖਣੀ ਬਾਈਪਾਸ ਤੇ ਸਵੇਰ ਸ਼ਾਮ ਲੱਗਣ ਵਾਲਾ ਟ੍ਰੈਫ਼ਿਕ ਜਾਮ ਤੋਂ ਰਾਹਗੀਰਾਂ ਪ੍ਰੇਸ਼ਾਨ

ਲੁਧਿਆਣਾ, (ਸੁਖਚੈਨ ਮਹਿਰਾ, ਨਰੇਸ਼ ਹੰਸ): ਪੰਜਾਬ ਸਰਕਾਰ ਵਲੋਂ ਲੁਧਿਆਣਾ ਦੇ ਨਿਵਾਸੀਆਂ ਨੂੰ ਟ੍ਰੈਫ਼ਿਕ ਜਾਮ ਤੋਂ ਰਾਹਤ ਦੇਣ ਲਈ ਸ਼ਹਿਰ ਦੇ ਦੱਖਣ ਵਿੱਚ ਲਾਡੋਵਾਲ ਤੋਂ ਦੋਰਾਹਾ ਬਾਈਪਾਸ ਬਣਾਇਆ ਗਿਆ ਸੀ। ਚੰਡੀਗੜ੍ਹ ਅਤੇ ਅੰਬਾਲਾ ਤੋਂ ਮੋਗਾ ਫਿਰੋਜ਼ਪੁਰ ਜਾਣ ਲਈ ਵਾਹਨਾਂ ਨੂੰ ਸ਼ਹਿਰ ਅੰਦਰ ਨਾ ਜਾ ਕੇ ਬਾਹਰੋਂ ਬਾਹਰ ਅਪਨੀ ਮੰਜ਼ਿਲ ਤੱਕ ਪਹੁੰਚ ਸਕੇ। ਪਰ ਧੂਰੀ ਰੇਲਵੇ ਫਲਾਈ ਓਵਰ ਦੀ ਸੜਕ ਮੁਰੰਮਤ ਕਰਨ ਵਾਲੀ ਕੰਪਨੀ ਦੀ ਲਾਪਰਵਾਹੀ ਦੇ ਕਾਰਨ ਰਾਹਗੀਰਾਂ ਨੂੰ ਰੋਜ਼ਾਨਾ ਸਵੇਰੇ ਸ਼ਾਮ ਲੱਗਣ ਵਾਲੇ ਲੰਬੇ ਲੰਬੇ ਜਾਮ ਕਾਰਨ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆ ਗੁਰਸੇਵਕ ਸਿੰਘ, ਮਨੀਸ਼ ਕੁਮਾਰ, ਨਿਰਜਣ ਸਿੰਘ, ਕੁਲਦੀਪ ਸਿੰਘ ਨੇ ਦੱਸਿਆ ਕਿ ਧੂਰੀ ਲਾਈਨ ਫਲਾਈ ਓਵਰ ਤੇ ਰੋਜ਼ਾਨਾ ਸਵੇਰੇ ਸ਼ਾਮ ਸਮੇਂ ਲੱਗਣ ਵਾਲਾ ਟ੍ਰੈਫ਼ਿਕ ਜਾਮ ਕਾਰਨ ਉਹ ਅਕਸਰ ਆਪਣੇ ਕੰਮ ਤੋਂ ਲੇਟ ਹੋ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਇਸ ਦਾ ਵੱਡਾ ਕਾਰਨ ਫਲਾਈ ਓਵਰ ਦੀ ਸੜਕ ਦੀ ਮੁਰੰਮਤ ਕਰਨ ਵਾਲੀ ਕੰਪਨੀ ਹੈ।



ਜਿਸ ਨੇ ਫਲਾਈ ਓਵਰ ਦੀ ਸੜਕ ਦੀ ਮੁਰੰਮਤ ਕਰਨ ਤੋਂ ਬਾਅਦ ਸਮਾਨ ਨਹੀਂ ਚੁੱਕਿਆ ਤੇ ਸਮਾਨ ਸੜਕ ਤੇ ਛੱਡ ਦਿੱਤਾ। ਜਿਸ ਕਾਰਨ ਸੜਕ ਦੇ ਦੋਨੋ ਪਾਸਿਓਂ ਆਉਣ ਵਾਲੀ ਟ੍ਰੈਫ਼ਿਕ ਨਾਲ ਅਕਸਰ ਜਾਮ ਲੱਗ ਜਾਦਾ ਹੈ। ਰਾਹਗੀਰਾਂ ਨੂੰ ਲੰਬੇ ਲੰਬੇ ਜਾਮ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਨੇ ਪੀ. ਡਬਲਯੂ. ਡੀ ਵਿਭਾਗ ਅਤੇ ਸ਼ਹਿਰ ਦੇ ਟ੍ਰੈਫ਼ਿਕ ਪੁਲੀਸ ਦੇ ਸੀਨੀਅਰ ਅਧਿਕਾਰੀਆਂ ਨੂੰ ਸੜਕ ਤੇ ਸਮਾਨ ਛੱਡ ਕੇ ਜਾਣ ਵਾਲੀ ਕੰਪਨੀ ਖ਼ਿਲਾਫ਼ ਕਾਰਵਾਈ ਕਰਨ ਦੀ ਮੰਗ ਕੀਤੀ ਹੈ ਅਤੇ ਸੜਕ ਤੇ ਪਏ ਸਮਾਨ ਨੂੰ ਉਥੋਂ ਹਟਾਉਣ ਦੀ ਮੰਗ ਕੀਤੀ ਤਾਂ ਜੋ ਟ੍ਰੈਫ਼ਿਕ ਜਾਮ ਨਾ ਲੱਗ ਸਕੇ ਅਤੇ ਰਾਹਗੀਰਾਂ ਨੂੰ ਟ੍ਰੈਫ਼ਿਕ ਜਾਮ ਤੋਂ ਨਿਜਾਤ ਮਿਲ ਸਕੇ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਜੇਸੀਟੀ ਮਿਲ ਦੀ ਥਾਪਰ ਕਲੋਨੀ ਦੇ ਮਜਦੂਰ ਪਰਿਵਾਰਾਂ ਨੇ ਐਕਸ. ਈ.ਐਨ. ਦਫਤਰ ਦਾ ਕੀਤਾ ਘਿਰਾਓ





ਫਗਵਾੜਾ ( ਸੁਸ਼ੀਲ ਸ਼ਰਮਾ ) ਥਾਪਰ ਕਲੋਨੀ ਜੇਸੀਟੀ ਮਿਲ ਫਗਵਾੜਾ ਦੀ 15 ਜਨਵਰੀ ਤੋਂ ਕੱਟੀ ਹੋਈ ਬਿਜਲੀ ਸਪਲਾਈ ਬਹਾਲ ਕਰਾਉਣ ਲਈ ਥਾਪਰ ਕਲੋਨੀ ਦੇ ਮਜਦੂਰ ਪਰਿਵਾਰਾਂ ਦਾ ਇਕ ਵਫਦ ਅੱਜ ਕੌਂਸਲਰ ਰਵੀ ਸਿੱਧੂ ਅਤੇ ਸ਼ਿਵ ਸੈਨਾ (ਯੂ.ਬੀ.ਟੀ.) ਦੇ ਸੂਬਾ ਪ੍ਰੈਸ ਸਕੱਤਰ ਕਮਲ ਸਰੋਜ ਦੀ ਅਗਵਾਈ ਹੇਠ ਐਕਸ.ਈ. ਐਨ. ਹਰਦੀਪ ਸਿੰਘ ਪਾਵਰਕਾਮ ਫਗਵਾੜਾ ਨੂੰ ਮਿਲਣ ਲਈ ਉਹਨਾਂ ਦੇ ਦਫਤਰ ਗਿਆ। ਜਿੱਥੇ ਕਿਸੇ ਕਾਰਨ ਮਾਹੌਲ ਗਰਮਾ ਗਿਆ। ਜਿਸ ਤੋਂ ਬਾਅਦ ਨਾਰਾਜ ਹੋਏ ਮਜਦੂਰ ਪਰਿਵਾਰਾਂ ਨੇ ਬਿਜਲੀ ਘਰ ਬੰਗਾ ਰੋਡ ਸਥਿਤ ਐਕਸ.ਈ.ਐਨ. ਦਫਤਰ ਦਾ ਘਿਰਾਓ ਕਰਦਿਆਂ ਧਰਨਾ ਲਗਾ ਦਿੱਤਾ। ਇਸ ਦੌਰਾਨ ਕੌਂਸਲਰ ਰਵੀ ਸਿੱਧੂ ਅਤੇ ਸ਼ਿਵ ਸੈਨਾ ਆਗੂ ਕਮਲ ਸਰੋਜ ਨੇ ਦੱਸਿਆ ਕਿ ਉਹਨਾਂ ਵਲੋਂ ਐਕਸ.ਈ.ਐਨ. ਨੂੰ ਮਜਦੂਰਾਂ ਦੀ ਪਰੇਸ਼ਾਨੀ ਦੱਸਦੇ ਹੋਏ ਬਿਜਲੀ ਸਪਲਾਈ ਬਹਾਲ ਕਰਨ ਦੀ ਬੇਨਤੀ ਕੀਤੀ ਗਈ ਸੀ ਪਰ ਉਹਨਾਂ ਨੇ ਕੋਈ ਸਹਿਯੋਗ ਕਰਨ ਜਾਂ ਭਰੋਸਾ ਦੇਣ ਦੀ ਬਜਾਏ ਰੁੱਖੇ ਲਹਿਜੇ ਵਿਚ ਸਪਸ਼ਟ ਕਿਹਾ ਕਿ ਸੀ.ਐਮ. ਡੀ. ਪਟਿਆਲਾ ਦੇ ਹੁਕਮਾਂ ਨਾਲ ਬਿਜਲੀ ਕੱਟੀ ਹੈ, ਉਹਨਾਂ ਦੇ ਨਾਲ ਗੱਲ ਕਰੋ। ਜਦੋਂ ਸੀ.ਐਮ.ਡੀ. ਦੇ ਬਿਜਲੀ ਕੱਟਣ ਵਾਲੇ ਆਰਡਰਾਂ ਦੀ ਕਾਪੀ ਮੰਗੀ ਗਈ ਤਾਂ ਐਕਸ.ਈ.ਐਨ. ਨੇ ਉਹਨਾਂ ਨਾਲ ਦੁਰਵਿਹਾਰ ਕੀਤਾ। ਆਗੂਆਂ ਨੇ ਦੋਸ਼ ਲਗਾਇਆ ਕਿ ਐਕਸ.ਈ.ਐਨ. ਦਾ ਵਿਵਹਾਰ ਦੱਸਦਾ ਹੈ ਕਿ ਉਹਨਾਂ ਦੀ ਮਿਲ ਮਾਲਕ ਸਮੀਰ ਥਾਪਰ ਨਾਲ ਮਿਲੀਭੁਗਤ ਹੈ। ਜਿਸ ਦੇ ਇਸ਼ਾਰੇ ਤੇ ਮਜਦੂਰਾਂ ਨੂੰ ਮਿਲ ਵਿਚੋਂ ਤੰਗ ਪਰੇਸ਼ਾਨ ਕਰਕੇ ਬਾਹਰ ਕੱਢਣ ਲਈ ਬਿਜਲੀ ਕੱਟੀ ਗਈ ਹੈ। ਧਰਨਾਕਾਰੀ ਮਜਦੂਰਾਂ ਨੇ ਰੋਹ ਵਿਚ ਪਾਵਰਕਾਮ ਦੇ ਖਿਲਾਫ ਨਾਅਰੇਬਾਜੀ ਕਰਦਿਆਂ ਥਾਪਰ ਕਲੋਨੀ ਦੀ ਬਿਜਲੀ ਸਪਲਾਈ ਬਹਾਲ ਹੋਣ ਤੱਕ ਧਰਨਾ ਜਾਰੀ ਰੱਖਣ ਦੀ ਗੱਲ ਕਹੀ। ਧਰਨੇ ਦੀ ਸੂਚਨਾ ਮਿਲਣ ਤੇ ਐਸ.ਐਚ.ਓ. ਸਿਟੀ ਅਮਨਦੀਪ ਨਾਹਰ ਅਤੇ ਨਾਇਬ ਤਹਿਸੀਲਦਾਰ ਮੌਕੇ ਤੇ ਪੁੱਜੇ। ਜਿਹਨਾਂ ਨੇ ਮਜਦੂਰ ਪਰਿਵਾਰਾਂ ਨੂੰ ਸ਼ਾਂਤ ਕੀਤਾ ਅਤੇ ਜੇਸੀਟੀ ਮਿਲ ਦੀ ਬਿਜਲੀ ਸਪਲਾਈ ਕੱਟਣ ਦੇ ਆਰਡਰਾਂ ਦੀ ਕਾਪੀ ਕੌਂਸਲਰ ਰਵੀ ਸਿੱਧੂ ਅਤੇ ਕਮਲ ਸਰੋਜ ਦੇ ਸਪੁਰਦ ਕੀਤੀ। ਇਸ ਤੋਂ ਬਾਅਦ ਵਫਦ ਵਲੋਂ ਐਸ.ਡੀ.ਐਮ. ਫਗਵਾੜਾ ਨੂੰ ਬਿਜਲੀ ਸਪਲਾਈ ਬਹਾਲ ਕਰਵਾਉਣ ਸਬੰਧੀ ਇਕ ਮੰਗ ਪੱਤਰ ਦਿੱਤਾ ਗਿਆ। ਜਿਸ ਵਿਚ ਬਿਜਲੀ ਸਪਲਾਈ ਕੱਟੇ ਜਾਣ ਨਾਲ ਕਲੋਨੀ ਦੇ ਹਜ਼ਾਰਾਂ ਪਰਿਵਾਰਾਂ ਨੂੰ ਦਰਪੇਸ਼ ਮੁਸ਼ਕਲਾਂ ਦਾ ਜਿਕਰ ਕਰਦਿਆਂ ਤੁਰੰਤ ਬਿਜਲੀ ਸਪਲਾਈ ਬਹਾਲ ਕਰਵਾਉਣ ਦੀ ਮੰਗ ਕੀਤੀ ਗਈ ਹੈ। ਕਮਲ ਸਰੋਜ ਅਨੁਸਾਰ ਮੰਗ ਪੱਤਰ ਦੇ ਉਤਾਰੇ ਸੀ.ਐਮ.ਡੀ. ਪਟਿਆਲਾ, ਡੀ.ਸੀ. ਕਪੂਰਥਲਾ, ਬਿਜਲੀ ਮੰਤਰੀ ਅਤੇ ਮੁੱਖ ਮੰਤਰੀ ਪੰਜਾਬ ਨੂੰ ਵੀ ਭੇਜੇ ਗਏ ਹਨ। ਇਸ ਮੌਕੇ ਵੱਡੀ ਗਿਣਤੀ ਵਿਚ ਥਾਪਰ ਕਲੋਨੀ ਦੇ ਮਜਦੂਰ ਅਤੇ ਉਹਨਾਂ ਦੇ ਪਰਿਵਾਰਕ ਮੈਂਬਰ ਹਾਜਰ ਸਨ।

# 26 ਜਨਵਰੀ ਵਾਲੇ ਦਿਨ 200 ਟਰੈਕਟਰਾਂ ਨਾਲ ਕੱਢਿਆ ਜਾਵੇਗਾ ਟਰੈਕਟਰ ਮਾਰਚ: ਕਿਸਾਨ ਆਗੂ




ਖਰੜ, ( ਕਾਲਾਂ ਸੰਘ ਸੈਣੀ )-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮੀਟਿੰਗ ਅਨਾਜ ਮੰਡੀ ਖਰੜ ਵਿਖੇ ਜਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਦੇਹ ਕਲਾਂ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਫੈਸਲਾ ਲਿਆ ਗਿਆ ਕਿ 26 ਜਨਵਰੀ ਵਾਲੇ ਦਿਨ ਟਰੈਕਟਰ ਮਾਰਚ ਦੇ ਵਿੱਚ 200 ਦੇ ਕਰੀਬ ਟਰੈਕਟਰ ਭਾਗੋਮਾਜਰਾ ਟੋਲ ਪਲਾਜਾ ਤੋਂ ਚੱਲਣਗੇ ਜੋ ਕਿ ਖਰੜ ਐਸ.ਡੀ.ਐਮ. ਦਫਤਰ ਤੋਂ ਹੋ ਕੇ ਅਨਾਜ ਮੰਡੀ ਖਰੜ ਵਿਖੇ ਜਾਣਗੇ, ਜਿੱਥੇ ਇਹ ਟਰੈਕਟਰ ਮਾਰਚ ਨੂੰ ਸਮਾਪਤ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸੇ ਤਰ੍ਹਾਂ ਮੋਹਾਲੀ ਦੀ ਟੀਮ ਡੀ.ਸੀ. ਦਫਤਰ ਮੋਹਾਲੀ ਵਿਖੇ ਜਾਵੇਗੀ ਅਤੇ ਬਨੂੰੜ ਵਾਲੇ ਸਾਥੀ ਬਨੂੰੜ ਵਿੱਚ ਟਰੈਕਟਰ ਮਾਰਚ ਕਰਨਗੇ। ਇਸ ਮੀਟਿੰਗ ਵਿੱਚ ਟਰੈਕਟਰ ਮਾਰਚ ਸਬੰਧੀ ਵੱਖ-ਵੱਖ ਅਹੁਦੇਦਾਰਾਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ। ਇਸ ਮੌਕੇ ਜਨਰਲ ਸਕੱਤਰ ਜਸਪਾਲ ਸਿੰਘ ਨਿਆਮੀਆ, ਗੁਰਮੀਤ ਸਿੰਘ ਖੂਨੀਮਾਜਰਾ, ਤੇਜਿੰਦਰ ਸਿੰਘ ਤੇਜੀ, ਅਮਰਿੰਦਰ ਸਿੰਘ, ਜਤਿੰਦਰ ਸਿੰਘ ਜਿੰਦੂ, ਸੰਜੀਵ ਕੁਮਾਰ ਰੂਬੀ ਤੇ ਰਾਜੂ ਭਟੇੜੀ ਹਾਜ਼ਰ ਸਨ।

# ਡਰਾਫਟ ਵੋਟਰ ਸੂਚੀ ਤੇ 24 ਜਨਵਰੀ ਤੱਕ ਅਪੀਲ ਤੇ ਇਤਰਾਜ਼ ਦਾਇਰ ਕੀਤੇ ਜਾ ਸਕਦੇ ਹਨ

ਲੁਧਿਆਣਾ, (ਸੁਖਚੈਨ ਮਹਿਰਾ) – ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਵੋਟਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਚੋਣਾਂ ਲਈ ਪ੍ਰਕਾਸ਼ਿਤ ਡਰਾਫਟ ਵੋਟਰ ਸੂਚੀ ਤੇ 24 ਜਨਵਰੀ ਤੱਕ ਸਬੰਧਤ ਰਿਵਾਈਜ਼ਿੰਗ ਅਧਿਕਾਰੀਆਂ ਕੋਲ ਅਪੀਲ ਤੇ ਇਤਰਾਜ਼ ਦਾਇਰ ਕਰ ਸਕਦੇ ਹਨ।

ਡਿਪਟੀ ਕਮਿਸ਼ਨਰ ਜੋਰਵਾਲ ਨੇ ਦੱਸਿਆ ਕਿ ਇਹ ਡਰਾਫਟ ਵੋਟਰ ਸੂਚੀ 21 ਅਕਤੂਬਰ, 2023 ਅਤੇ 15 ਦਸੰਬਰ, 2024 ਵਿਚਕਾਰ ਪ੍ਰਾਪਤ ਹੋਏ ਫਾਰਮਾਂ ਦੇ ਆਧਾਰ ਤੇ ਤਿਆਰ ਕੀਤੀ ਗਈ ਸੀ। ਇਹ ਸੂਚੀ ਰਿਵਾਈਜ਼ਿੰਗ ਅਧਿਕਾਰੀਆਂ ਦੇ ਦਫ਼ਤਰਾਂ ਵਿੱਚ ਉਪਲਬਧ ਹੋਵੇਗੀ।

63 – ਖੰਨਾ ਖੇਤਰ ਲਈ, ਰਿਵਾਈਜ਼ਿੰਗ ਅਧਿਕਾਰੀ ਐਸ.ਡੀ.ਐਮ. ਖੰਨਾ ਹਨ ਅਤੇ ਡਰਾਫਟ ਵੋਟਰ ਸੂਚੀ ਉਨ੍ਹਾਂ ਦੇ ਦਫ਼ਤਰ ਵਿੱਚ ਉਪਲਬਧ ਹੋਵੇਗੀ। ਵੋਟਰਾਂ ਵੱਲੋਂ 24 ਜਨਵਰੀ ਤੱਕ ਉੱਥੇ ਕੋਈ ਵੀ ਇਤਰਾਜ਼ ਜਾਂ ਅਪੀਲ ਦਾਇਰ ਕਰਵਾਈ ਜਾ ਸਕਦੀ ਹੈ। 64 – ਪਾਇਲ ਲਈ ਰਿਵਾਈਜ਼ਿੰਗ ਅਧਿਕਾਰੀ ਐਸ.ਡੀ.ਐਮ. ਪਾਇਲ ਹਨ, ਜਿਨ੍ਹਾਂ ਕੋਲ ਵੋਟਰਾਂ ਦੀ ਜਾਂਚ ਅਤੇ ਇਤਰਾਜ਼ ਦਾਇਰ ਕਰਨ ਲਈ ਡਰਾਫਟ ਸੂਚੀ ਉਨ੍ਹਾਂ ਦੇ ਦਫ਼ਤਰ ਵਿੱਚ ਉਪਲਬਧ ਹੋਵੇਗੀ। 72 – ਲੁਧਿਆਣਾ ਪੱਛਮੀ, 75 – ਸਮਰਾਲਾ, 67 – ਰਾਏਕੋਟ, ਅਤੇ 68 – ਜਗਰਾਉਂ ਸਬ-ਡਵੀਜ਼ਨਾਂ ਵਿੱਚ, ਸਬੰਧਤ ਐਸ.ਡੀ.ਐਮ. ਰਿਵਾਈਜ਼ਿੰਗ ਅਫਸਰਾਂ ਵਜੋਂ ਆਪਣੀ ਜ਼ਿੰਮੇਵਾਰੀ ਨਿਭਾਉਣਗੇ ਅਤੇ ਵੋਟਰ ਡਰਾਫਟ ਵੋਟਰ ਸੂਚੀ ਦੀ ਸਮੀਖਿਆ ਕਰ ਸਕਦੇ ਹਨ ਅਤੇ ਇਨ੍ਹਾਂ ਦਫ਼ਤਰਾਂ ਵਿੱਚ ਇਤਰਾਜ਼ ਦਰਜ ਕਰਵਾ ਸਕਦੇ ਹਨ।

74 – ਲੁਧਿਆਣਾ ਦਿਹਾਤੀ ਲਈ, ਐਸ.ਡੀ.ਐਮ. ਪਰਬੀ ਰਿਵਾਈਜ਼ਿੰਗ ਅਫਸਰ ਹਨ ਅਤੇ ਡਰਾਫਟ ਵੋਟਰ ਸੂਚੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਿਤ ਉਨ੍ਹਾਂ ਦੇ ਦਫ਼ਤਰ ਵਿੱਚ ਉਪਲਬਧ ਹੋਵੇਗੀ। 70 – ਮੁੱਲਾਂਪੁਰ ਦਾਖਾ ਵਿੱਚ, ਜ਼ਿਲ੍ਹਾ ਮਾਲ ਅਧਿਕਾਰੀ (ਡੀ. ਆਰ.ਓ) ਰਿਵਾਈਜ਼ਿੰਗ ਅਫਸਰ ਹਨ, ਵੋਟਰ ਡਰਾਫਟ ਵੋਟਰ ਸੂਚੀ ਦੀ ਸਮੀਖਿਆ ਕਰ ਸਕਦੇ ਹਨ ਅਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਡੀ.ਆਰ. ਏ. ਸ਼ਾਖਾ ਵਿੱਚ ਇਤਰਾਜ਼ ਦਰਜ ਕਰਵਾਏ ਜਾ ਸਕਦੇ ਹਨ।


66 – ਪੱਖੋਵਾਲ ਦੇ ਵੋਟਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਪਹਿਲੀ ਮੰਜ਼ਿਲ ਤੇ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਧਿਕਾਰੀ ਦੇ ਦਫ਼ਤਰ ਵਿੱਚ ਡਰਾਫਟ ਵੋਟਰ ਸੂਚੀ ਦੀ ਸਮੀਖਿਆ ਕਰ ਸਕਦੇ ਹਨ ਅਤੇ ਇਤਰਾਜ਼ ਦਰਜ ਕਰਵਾ ਸਕਦੇ ਹਨ।

ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) 69 – ਸਿੱਧਵਾਂ ਬੇਟ ਖੇਤਰ ਲਈ ਰਿਵਾਈਜ਼ਿੰਗ ਅਫ਼ਸਰ ਹਨ, ਜਿੱਥੇ ਵੋਟਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਮਰੇ ਨੰਬਰ 118 ਵਿੱਚ ਡਰਾਫਟ ਵੋਟਰ ਸੂਚੀ ਦੀ ਜਾਂਚ ਕਰ ਸਕਦੇ ਹਨ ਅਤੇ ਇਤਰਾਜ਼ ਦਰਜ ਕਰਵਾ ਸਕਦੇ ਹਨ।

65 – ਦੋਰਾਹਾ ਖੇਤਰ ਦੇ ਵੋਟਰਾਂ ਲਈ, ਖੇਤਰੀ ਟਰਾਂਸਪੋਰਟ ਅਫ਼ਸਰ ਰਿਵਾਈਜ਼ਿੰਗ ਅਫ਼ਸਰ ਵਜੋਂ ਜ਼ਿੰਮੇਵਾਰੀ ਨਿਭਾਉਣਗੇ ਅਤੇ ਡਰਾਫਟ ਵੋਟਰ ਸੂਚੀ ਦੀ ਜਾਂਚ ਜ਼ਿਲ੍ਹਾ ਪ੍ਰੀਸ਼ਦ ਇਮਾਰਤ ਦੇ ਕਮਰੇ ਨੰਬਰ 1 ਵਿੱਚ, ਵਿਜੀਲੈਂਸ ਦਫ਼ਤਰ ਦੇ ਸਾਹਮਣੇ ਕੀਤੀ ਜਾ ਸਕਦੀ ਹੈ।

ਅੰਤ ਵਿੱਚ, 71 – ਲੁਧਿਆਣਾ ਦੱਖਣੀ ਅਤੇ 73 – ਲੁਧਿਆਣਾ ਉੱਤਰੀ ਲਈ, ਨਗਰ ਨਿਗਮ ਲੁਧਿਆਣਾ ਦੇ ਸੰਯੁਕਤ ਕਮਿਸ਼ਨਰ ਰਿਵਾਈਜ਼ਿੰਗ ਅਫ਼ਸਰ ਹਨ। ਵੋਟਰ ਗਿੱਲ ਰੋਡ ਤੇ ਨਗਰ ਨਿਗਮ ਜ਼ੋਨ-ਸੀ ਦੀ ਇਮਾਰਤ ਦੇ ਕਮਰਾ ਨੰਬਰ 12 ਅਤੇ ਨਗਰ ਨਿਗਮ ਜ਼ੋਨ-ਏ ਦੀ ਇਮਾਰਤ ਦੀ ਤੀਜੀ ਮੰਜ਼ਿਲ ਤੇ ਕਮਰਾ ਨੰਬਰ 72 ਵਿੱਚ ਕ੍ਰਮਵਾਰ ਡਰਾਫਟ ਵੋਟਰ ਸੂਚੀਆਂ ਦੀ ਜਾਂਚ ਕਰ ਸਕਦੇ ਹਨ ਅਤੇ ਇਤਰਾਜ਼ ਦਰਜ ਕਰਵਾ ਸਕਦੇ ਹਨ।

# ਹਲਕਾ ਦੱਖਣੀ ਨੂੰ ਮਨੁੱਖੀ ਅਧਿਕਾਰ ਕਮਿਸ਼ਨ ਦੀ ਕੋਰਟ ਨੇ ਦਿੱਤਾ ਵੱਡਾ ਝਟਕਾ



ਲੁਧਿਆਣਾ : (ਨਰੇਸ਼ ਹੰਸ) ਨਗਰ ਨਿਗਮ ਦਾ ਮੇਯਰ ta ਬਣ ਗਿਆ ਹੈ । ਪਰ ਲੁਧਿਆਣਾ ਹਲਕਾ ਦੱਖਣੀ ਦੇ ਕਈ ਵਾਰਡ ਦੇ ਲੋਕ ਹਲੇ ਵੀ ਜਰੂਰੀ ਸਹੂਲਤਾਂ ਦੀ ਉਡੀਕ ਕਰ ਰਹੇ ਹਨ । ਹਲਕਾ ਦੱਖਣੀ ਦੇ ਅੰਦਰ ਪੈਂਦੇ ਕਈ ਰੋਡ ਬੁਰੀ ਤਰਾ ਟੁੱਟੇ ਪਏ ਹਨ । ਇਹਨਾਂ ਰੋਡ਼ਾ ਦਾ ਮੁੱਦਾ ਮਨੁੱਖੀ ਅਧਿਕਾਰ ਕਮਿਸ਼ਨ ਵਿੱਚ ਪੁਹੰਚ ਗਿਆ ਸੀ । ਸਮਾਜ ਸੇਵੀ ਅਤੇ ਸਾਬਕਾ ਪੀ ਬੀ ਆਈ ਅਫਸਰ ਐਡਵੋਕੇਟ ਡਾ: ਗੌਰਵ ਅਰੋੜਾ ਨੇ ਗੰਦੇ ਪਾਣੀ ਅਤੇ ਰੋਡ ਦੀ ਹਾਲਤ ਨੂੰ ਲੈਕੇ ਮਨੁੱਖੀ ਅਧਿਕਾਰ ਕਮਿਸ਼ਨ ਵਿਚ ਪਟੀਸ਼ਨ ਦਰਜ ਕਰਵਾਈ ਸੀ। ਜਿਸ ਤੇ ਕਮਿਸ਼ਨ ਨੇ ਸਖ਼ਤ ਰੁੱਖ ਅਪਨਾਉਂਦੇ ਹੋਏ ਨਗਰ ਨਿਗਮ ਕਮਿਸ਼ਨਰ ਤੋਂ ਜਵਾਬ ਮੰਗਿਆ ਹੈ । ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ: ਗੌਰਵ ਨੇ ਕਿਹਾ ਕਿ ਰੋਡ ਨਾ ਬਣਨ ਕਾਰਨ ਰੋਜਾਨਾ ਹਾਦਸੇ ਹੋ ਰਹੇ ਹਨ ਅਤੇ ਗੰਦੇ ਪਾਣੀ ਨੂੰ ਲੈ ਕੇ ਲੋਕ ਬਿਮਾਰ ਪੈ ਰਹੇ ਹਨ । ਓਹਨਾ ਕਿਹਾ ਸਾਫ ਪਾਣੀ ਤੇ ਰੋਡ ਮੁਢਲੇ ਮਨੁੱਖੀ ਅਧਿਕਾਰ ਹਨ ਪਰ ਹਲਕੇ ਦੇ ਲੋਕ ਇਸ ਤੋਂ ਵੀ ਵਾਂਝੇ ਹਨ ਪਰ ਇਸ ਨੂੰ ਠੀਕ ਕਰਵਾਉਣ ਲਈ ਓਹਨਾ ਵਲੋਂ ਹਰ ਸੰਭਵ ਕਦਮ ਚੁੱਕੇ ਜਾਣਗੇ ।

# 30 ਜਨਵਰੀ ਨੂੰ ਲੱਗੇਗਾ ਔਰਤਾਂ ਦੀ ਸਿਹਤ, ਸਫਾਈ, ਰੁਜਗਾਰ ਸਬੰਧੀ ਜ਼ਿਲ੍ਹਾ ਪੱਧਰੀ ਜਾਗਰੂਕਤਾ ਕੈਂਪ

ਮਾਲੇਰਕੋਟਲਾ 22 ਜਨਵਰੀ :(ਕਿੰਮੀ ਅਰੋੜਾ,ਅਸਲਮ ਨਾਜ਼) ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਸਰਕਾਰ ਵਲੋਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਨਾਲ ਪੰਜਾਬ ਰਾਜ ਦੀਆਂ ਔਰਤਾਂ ਨੂੰ ਸਿਹਤ ਪੱਖੋਂ ਤੰਦਰੁਸਤ ਰੱਖਣ ਲਈ ਵਿਭਾਗ ਵੱਲੋਂ ਜ਼ਿਲ੍ਹਾ ਪੱਧਰ ਤੇ ਔਰਤਾਂ ਲਈ ਸਿਹਤ ਸਫਾਈ ਅਤੇ ਜਾਗਰੂਕਤਾ ਦਾ ਕੈਂਪ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਕੈਂਪ ਦੀਆ ਤਿਆਰੀਆਂ ਸਬੰਧੀ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਔਰਤਾਂ/ਲੜਕੀਆਂ ਲਈ ਇਹ ਕੈਂਪ 30 ਜਨਵਰੀ ਨੂੰ ਪੰਜਾਬ ਉਰਦੂ ਅਕਾਦਮੀ ਵਿਖੇ ਆਯੋਜਤ ਕੀਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਅਨੂ ਰਤਨ, ਸਹਾਇਕ ਸਿਵਲ ਸਰਜਨ ਡਾ ਸਜੀਲਾ ਖ਼ਾਨ, ਰੋਜ਼ਗਾਰ ਅਫ਼ਸਰ ਜਤਿੰਦਰ ਨਾਥ ਸ਼ਰਮਾਂ, ਇੰਨਚਾਰਜ ਵਨ ਸਟਾਪ ਸੈਂਟਰ ਨਜ਼ੀਰ ਮੁਹੰਮਦ,ਤਰਿੰਦਰ ਕੁਮਾਰ,ਦਲਜੀਤ ਸਿੰਘ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਤੇ ਨੁਮਾਇੰਦੇ ਮੌਜੂਦ ਸਨ । ਇਸ ਮੌਕੇ ਉਨ੍ਹਾਂ ਦੱਸਿਆ ਕਿ ਇਸ ਕੈਂਪ ਮੌਕੇ ਸਿਹਤ ਵਿਭਾਗ ਵੱਲੋਂ ਇਸਤਰੀਆਂ ਦੇ ਮਾਹਿਰ ਡਾਕਟਰਾਂ ਵਲੋਂ ਔਰਤਾਂ ਦਾ ਮੁਫ਼ਤ ਹੈਲਥ ਚੈੱਕਅਪ ਕਰਨ ਦੇ ਨਾਲ ਮੁਢਲੇ ਟੈਸਟ ਵੀ ਮੁਫ਼ਤ ਕੀਤੇ ਜਾਣਗੇ । ਉਨ੍ਹਾਂ ਜ਼ਿਲ੍ਹਾ ਰੋਜਗਾਰ ਅਫ਼ਸਰ ਨੂੰ ਹਦਾਇਤ ਕੀਤੀ ਕਿ ਔਰਤਾਂ ਲੜਕੀਆਂ ਨੂੰ ਰੋਜਗਾਰ ਦੇ ਮੌਕੇ ਮੁਹੱਈਆਂ ਕਰਵਾਉਣ ਲਈ ਜਾਗਰੂਕ ਕੀਤਾ ਜਾਵੇ ਅਤੇ ਚਾਹਵਾਨ ਔਰਤਾਂ ਲਈ ਵੱਖ ਵੱਖ ਕੰਪਨੀਆਂ ਨੂੰ ਸੱਦਿਆ ਜਾਵੇ ਤਾਂ ਜੋ ਇੰਟਰਵੀਉ ਲੈਂਦੇ ਹੋਏ ਮੌਕੇ ਤੇ ਹੀ ਯੋਗ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਦਿੱਤੇ ਜਾ ਸਕਣ ।

ਇਸ ਮੌਕੇ ਵੱਖ ਵੱਖ ਵਿਭਾਗਾਂ ਵਲੋਂ ਔਰਤਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਦੱਸਿਆ ਜਾਵੇਗਾ । ਇਸ ਮੌਕੇ ਉਨ੍ਹਾਂ ਹਦਾਇਤ ਕੀਤੀ ਕਿ ਸਬੰਧਤ ਵਿਭਾਗ ਸਮਾਂ ਰਹਿੰਦੇ ਸਾਰੇ ਪ੍ਰਬੰਧ ਮੁਕੰਮਲ ਕਰਨ ਨੂੰ ਯਕੀਨੀ ਬਣਾਉਣ ਤਾਂ ਜੋ ਕਿਸੇ ਨੂੰ ਕੋਈ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਜ਼ਿਲ੍ਹੇ ਦੀਆਂ



ਹਰ ਵਰਗ ਦੀਆਂ ਔਰਤਾਂ / ਲੜਕੀਆਂ ਨੂੰ ਇਸ ਕੈਂਪ ਵਿੱਚ ਆਉਣ ਦਾ ਖੁਲ੍ਹਾ ਸੱਦਾ ਦਿੱਤਾ ।

# ਵਧੀਕ ਡਿਪਟੀ ਕਮਿਸ਼ਨਰ ਵੱਲੋਂ ਅੰਤਰਰਾਸ਼ਟਰੀ ਸਹਿਕਾਰਤਾ ਸਾਲ-2025 ਦੀ ਸਫ਼ਲਤਾ ਲਈ ਵੱਖ-ਵੱਖ ਵਿਭਾਗਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ 'ਤੇ ਜ਼ੋਰ

ਜਲੰਧਰ,(ਲੋਕ ਬਾਣੀ ) ਅੰਤਰ ਰਾਸ਼ਟਰੀ ਸਹਿਕਾਰਤਾ ਸਾਲ-2025 ਸਬੰਧੀ ਜ਼ਿਲ੍ਹਾ ਜਲੰਧਰ ਦੀ ਮੀਟਿੰਗ ਅੱਜ ਵਧੀਕ ਡਿਪਟੀ ਕਮਿਸ਼ਨਰ (ਜ) ਮੇਜਰ ਡਾ. ਅਮਿਤ ਮਹਾਜਨ ਦੀ ਪ੍ਰਧਾਨਗੀ ਹੇਠ ਹੋਈ।



ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ ਨੇ ਇਸ ਸਬੰਧੀ ਜ਼ਿਲ੍ਹਾ ਸਹਿਕਾਰਤਾ ਵਿਕਾਸ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਅੰਤਰ ਰਾਸ਼ਟਰੀ ਸਹਿਕਾਰਤਾ ਸਾਲ-2025 ਨੂੰ ਵੱਡੇ ਪੱਧਰ 'ਤੇ ਸਫ਼ਲ ਬਣਾਉਣ ਲਈ ਵੱਖ-ਵੱਖ ਵਿਭਾਗਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ 'ਤੇ ਜ਼ੋਰ ਦਿੱਤਾ। ਉਨ੍ਹਾਂ ਸਹਿਕਾਰਤਾ ਵਿਭਾਗ ਅਤੇ ਹੋਰ ਸਬੰਧਤ ਵਿਭਾਗਾਂ ਨੂੰ ਇਸ ਸਬੰਧੀ ਆਪਸੀ ਤਾਲਮੇਲ ਨਾਲ ਵੱਧ ਤੋਂ ਵੱਧ ਜਾਗਰੂਕਤਾ ਗਤੀਵਿਧੀਆਂ ਕਰਵਾਉਣ ਲਈ ਕਿਹਾ ਤਾਂ ਜੋ ਅੰਤਰ ਰਾਸ਼ਟਰੀ ਸਹਿਕਾਰਤਾ ਸਾਲ ਨੂੰ ਸਫ਼ਲਤਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਸਕੇ।

ਸ਼੍ਰੀ ਮਹਾਜਨ ਨੇ, ਜਿਸ ਖੇਤਰ ਵਿੱਚ ਦੁੱਧ ਉਤਪਾਦਨ, ਮੱਛੀ ਪਾਲਣ, ਪਸ਼ੂ ਪਾਲਣ ਦਾ ਧੰਦਾ ਹੋਰ ਪ੍ਰਫੁੱਲਿਤ ਹੋ ਸਕਦਾ ਹੈ, ਉਥੇ ਨਵੀਆਂ ਸਹਿਕਾਰੀ ਸਭਾਵਾਂ ਦੀ ਸਥਾਪਨਾ ਲਈ ਸਹਿਕਾਰਤਾ ਵਿਭਾਗ ਨਾਲ ਤਾਲਮੇਲ ਕਰਨ 'ਤੇ ਜ਼ੋਰ ਦਿੱਤਾ। ਵਧੀਕ ਡਿਪਟੀ ਕਮਿਸ਼ਨਰ ਨੇ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜ਼ਿਲ੍ਹਾ ਸਹਿਕਾਰਤਾ ਵਿਕਾਸ ਕਮੇਟੀ ਵੱਲੋਂ ਮੋਨੀਟਰ ਕੀਤੀਆਂ ਜਾਂਦੀਆਂ ਸਾਰੀਆਂ ਯੋਜਨਾਵਾਂ ਦਾ ਲਾਭ ਜ਼ਮੀਨੀ ਪੱਧਰ 'ਤੇ ਹਰੇਕ ਲੋੜਵੰਦ ਵਿਅਕਤੀ ਤੱਕ ਪਹੁੰਚਾਉਣ ਲਈ ਯੋਗ ਉਪਰਾਲੇ ਕੀਤੇ ਜਾਣ।

ਇਸ ਦੌਰਾਨ ਉਪ ਰਜਿਸਟਰਾਰ, ਸਹਿਕਾਰੀ ਸਭਾਵਾਂ ਜਲੰਧਰ ਗੁਰਵਿੰਦਰਜੀਤ ਸਿੰਘ ਨੇ ਜ਼ਿਲ੍ਹੇ ਦੀਆਂ 239 ਬਹੁਮੰਤਵੀ ਸਹਿਕਾਰੀ ਸਭਾਵਾਂ ਵਿੱਚ ਚੱਲ ਰਹੇ ਵੱਖ-ਵੱਖ ਪ੍ਰਾਜੈਕਟਾਂ ਦੀ ਪ੍ਰਗਤੀ ਦੀ ਰਿਪੋਰਟ ਵੀ ਪੇਸ਼ ਕੀਤੀ

ਇਸ ਮੌਕੇ ਖੇਤੀਬਾੜੀ, ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ, ਪਸ਼ੂ ਪਾਲਣ, ਡੇਅਰੀ ਅਤੇ ਮੱਛੀ ਪਾਲਣ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

# ਸਰਕਾਰੀ ਕਾਲਜ ਮਾਲੇਰਕੋਟਲਾ ਵਿਖੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਵਿਦਿਆਰਥੀਆਂ ਦੇ ਬੈਂਕ ਖਾਤੇ ਆਧਾਰ ਸੀਡਡ ਕਰਨ ਵਾਸਤੇ ਜ਼ਿਲ੍ਹਾ ਪੱਧਰੀ ਕੈਂਪ ਭਲਕੇ

ਮਾਲੇਰਕੋਟਲਾ :(ਕਿੰਮੀ ਅਰੋੜਾ,ਅਸਲਮ ਨਾਜ਼) ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫ਼ਸਰ ਮੁਕਲ ਬਾਵਾ ਨੇ ਦੱਸਿਆ ਕਿ ਭਾਰਤ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦੀ ਅਦਾਇਗੀ ਉਨ੍ਹਾਂ ਦੇ ਆਧਾਰ ਸੀਡਡ ਬੈਂਕ ਖਾਤਿਆਂ ਵਿਚ ਡੀ.ਬੀ.ਡੀ.ਮੋਡ ਰਾਹੀਂ ਸਿੱਧੇ ਤੌਰ ਤੇ ਕੀਤੀ ਜਾਂਦੀ ਹੈ ।ਜਿਨ੍ਹਾਂ ਵਿਦਿਆਰਥੀਆਂ ਦੇ ਬੈਂਕ ਖਾਤੇ ਆਧਾਰ ਸੀਡਡ ਨਹੀਂ ਹਨ ਉਨ੍ਹਾਂ ਦੀ ਸਹੂਲਤ ਲਈ 23 ਅਤੇ 24 ਜਨਵਰੀ ਨੂੰ ਸਰਕਾਰੀ ਕਾਲਜ ਮਾਲੇਰਕੋਟਲਾ ਦੀ ਲਾਇਬ੍ਰੇਰੀ ਵਿਖੇ ਵਿਦਿਆਰਥੀਆਂ ਦੇ ਬੈਂਕ ਖਾਤੇ ਆਧਾਰ ਸੀਡਡ ਕਰਨ ਲਈ ਵਿਸ਼ੇਸ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ।



ਮੁਕਲ ਬਾਵਾ ਨੇ ਜ਼ਿਲ੍ਹੇ ਦੇ ਸਮੂਹ ਵਿੱਦਿਅਕ ਅਦਾਰਿਆਂ ਦੇ ਮੁੱਖੀਆਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਸੰਸਥਾ ਨਾਲ ਸਬੰਧਤ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਆਉਂਦੇ ਵਿਦਿਆਰਥੀਆਂ ਦੇ ਬੈਂਕ ਖਾਤੇ ਆਧਾਰ ਸੀਡਡ ਕਰਵਾਉਣ ਨੂੰ ਯਕੀਨੀ ਬਣਾਉਣ । ਉਨ੍ਹਾਂ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਵਿਸ਼ੇਸ ਕੈਂਪ ਦਾ ਲਾਭ ਲੈਂਦਿਆਂ ਆਪਣੇ ਬੈਂਕ ਖਾਤੇ ਆਧਾਰ ਸੀਡਡ ਕਰਵਾਉਣ ਤਾਂ ਜੋ ਭਵਿੱਖ ਵਿੱਚ ਸਕਾਲਰਸ਼ਿਪ ਦੀ ਅਦਾਇਗੀ ਸਰਕਾਰ ਵੱਲੋਂ ਪੀ.ਐਫ.ਐਮ.ਐਸ ਪੋਰਟਲ ਰਾਹੀਂ ਵਿਦਿਆਰਥੀਆਂ ਦੇ ਆਧਾਰ ਸੀਡਡ ਬੈਂਕ ਖਾਤਿਆਂ ਵਿਚ ਡੀ.ਬੀ.ਡੀ. ਮੋਡ ਰਾਹੀਂ ਸਿੱਧੇ ਤੌਰ 'ਤੇ ਕਰਨ ਵਿੱਚ ਕੋਈ ਦਿੱਕਤ ਪੇਸ਼ ਨਾ ਆਵੇ ।

# ਜਲੰਧਰ ਦਿਹਾਤੀ ਪੁਲਿਸ ਵਲੋਂ ਟੋਲ ਪਲਾਜ਼ਾ ਜਬਰੀ ਵਸੂਲੀ ਮਾਮਲੇ ਚ ਇੱਕ ਬਦਨਾਮ ਅਪਰਾਧੀ ਗ੍ਰਿਫ਼ਤਾਰ*

ਜਲੰਧਰ ਦਿਹਾਤੀ, (ਲੋਕ ਬਾਣੀ ):

ਇੱਕ ਮਹੱਤਵਪੂਰਨ ਸਫਲਤਾ ਹਾਸਲ ਕਰਦਿਆਂ ਜਲੰਧਰ ਦਿਹਾਤੀ ਪੁਲਿਸ ਨੇ ਇੱਕ ਬਦਨਾਮ ਅਪਰਾਧੀ ਨੂੰ ਗ੍ਰਿਫ਼ਤਾਰ ਕੀਤਾ ਹੈ, ਜੋ ਜਲੰਧਰ-ਮੋਗਾ ਰਾਸ਼ਟਰੀ ਰਾਜਮਾਰਗ ਤੇ ਚੱਕ ਬਾਹਮਣੀਆ ਟੋਲ ਪਲਾਜ਼ਾ ਤੇ ਕਰਮਚਾਰੀਆਂ ਨੂੰ ਡਰਾ ਰਿਹਾ ਸੀ। ਦੋਸ਼ੀ, ਜਿਸਦਾ ਗੰਭੀਰ ਅਪਰਾਧਿਕ ਅਪਰਾਧਾਂ ਦਾ ਇਤਿਹਾਸ ਹੈ, ਨੂੰ ਇੱਕ .315 ਬੋਰ ਰਾਈਫਲ ਅਤੇ ਇੱਕ ਚਿੱਟੀ ਫਾਰਚੂਨਰ ਗੱਡੀ (♦210-57-9541) ਸਮੇਤ ਗ੍ਰਿਫ਼ਤਾਰ ਕੀਤਾ ਗਿਆ ਹੈ।

ਦੋਸ਼ੀ ਦੀ ਪਛਾਣ ਰਵਿੰਦਰ ਸਿੰਘ ਉਰਫ਼ ਬਿੰਦਾ ਵਜੋਂ ਹੋਈ ਹੈ, ਜੋ ਕਿ ਕਰਨੈਲ ਸਿੰਘ ਸਰਪੰਚ ਦਾ ਪੁੱਤਰ ਹੈ ਅਤੇ ਪਿੰਡ ਕੋਕਰੀ ਵੈਹਣੀਵਾਲ, ਜ਼ਿਲ੍ਹਾ ਮੋਗਾ ਦਾ ਰਹਿਣ ਵਾਲਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਪੁਲਿਸ ਸੁਪਰਡੈਂਟ ਹਰਕਮਲ ਪ੍ਰੀਤ ਸਿੰਘ ਖੱਖ ਨੇ ਕਿਹਾ ਕਿ ਇਹ ਕਾਰਵਾਈ ਐਸਪੀ ਇਨਵੈਸਟੀਗੇਸ਼ਨ ਜਸਰੂਪ ਕੌਰ ਬਾਠ, ਆਈਪੀਐਸ ਅਤੇ ਡੀਐਸਪੀ ਓਂਕਾਰ ਸਿੰਘ ਬਰਾੜ ਦੀ ਨਿਗਰਾਨੀ ਹੇਠ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇੰਸਪੈਕਟਰ ਸੁਖਦੇਵ ਸਿੰਘ ਐਸਐਚਓ ਮਹਿਤਪੁਰ ਨੇ ਧਮਕੀਆਂ ਅਤੇ ਟੋਲ ਚੋਰੀ ਦੀਆਂ ਸ਼ਿਕਾਇਤਾਂ ਮਿਲਣ ਤੋਂ ਬਾਅਦ ਸਰਗਰਮ ਕਾਰਵਾਈ ਸ਼ੁਰੂ ਕੀਤੀ।

ਟੋਲ ਪਲਾਜ਼ਾ ਮੈਨੇਜਰ ਸੋਨੂੰ ਤੋਮਰ ਵੱਲੋਂ ਹਥਿਆਰਬੰਦ ਧਮਕੀਆਂ, ਬੈਰੀਅਰ ਤੋੜਨ ਅਤੇ ਜ਼ਬਰਦਸਤੀ ਟੋਲ ਚੋਰੀ ਦੀਆਂ ਵਾਰ-ਵਾਰ ਘਟਨਾਵਾਂ ਬਾਰੇ ਰਸਮੀ ਸ਼ਿਕਾਇਤ ਦਰਜ ਕਰਵਾਉਣ ਤੋਂ ਬਾਅਦ ਇਹ ਗ੍ਰਿਫ਼ਤਾਰੀ ਹੋਈ, ਜਿਸ ਨਾਲ ਕੰਪਨੀ ਨੂੰ ਲੱਖਾਂ ਰੁਪਏ ਦਾ ਨੁਕਸਾਨ ਹੋਇਆ। ਦੋਸ਼ੀ ਬੰਦੂਕ ਦੀ ਨੋਕ ਤੇ ਕਰਮਚਾਰੀਆਂ ਨੂੰ ਆਪਣੀਆਂ ਗੱਡੀਆਂ ਬਿਨਾਂ ਭੁਗਤਾਨ ਦੇ ਲੰਘਣ ਦੇਣ ਲਈ ਧਮਕੀਆਂ ਦਿੰਦਾ ਸੀ।



21 ਜਨਵਰੀ, 2025 ਨੂੰ ਗ੍ਰਿਫ਼ਤਾਰੀ ਦੌਰਾਨ, ਪੁਲਿਸ ਨੇ ਅਪਰਾਧਾਂ ਵਿੱਚ ਵਰਤੀ ਗਈ ਇੱਕ 315 ਬੋਰ ਰਾਈਫਲ ਅਤੇ ਇੱਕ ਚਿੱਟੀ ਫਾਰਚੂਨਰ (♦210-57-9541) ਬਰਾਮਦ ਕੀਤੀ। ਦੋਸ਼ੀ, ਜਿਸਨੂੰ ਸਥਾਨਕ ਤੌਰ ਤੇ ਮਾਈਨਿੰਗ ਕਿੰਗ ਵਜੋਂ ਜਾਣਿਆ ਜਾਂਦਾ ਹੈ, ਇੱਕ ਟਰਾਂਸਪੋਰਟ ਕੰਪਨੀ ਚਲਾਉਂਦਾ ਹੈ, ਜਿਸ ਵਿੱਚ 13 ਟਰਾਲੀਆਂ ਅਤੇ 5 ਟਿੱਪਰ ਹਨ, ਜੋ ਮੁੱਖ ਤੌਰ ਤੇ ਗੈਰ-ਕਾਨੂੰਨੀ ਰੇਤ ਦੀ ਢੋਆ-ਢੁਆਈ ਲਈ ਵਰਤੇ ਜਾਂਦੇ ਹਨ।

ਇਸ ਸਬੰਧ ਵਿੱਚ, ਐਫਆਈਆਰ ਨੰਬਰ 10, ਧਾਰਾ 125,351(3) 2©♥ ਅਤੇ: 25/27-54-59 ਆਰਮਜ਼ ਐਕਟ ਦੇ ਤਹਿਤ ਥਾਣਾ ਸ਼ਾਹਕੋਟ, ਜ਼ਿਲ੍ਹਾ ਜਲੰਧਰ ਵਿਖੇ ਦਰਜ ਹੈ।

ਜਾਂਚ ਤੋਂ ਪਤਾ ਲੱਗਾ ਹੈ ਕਿ ਰਵਿੰਦਰ ਸਿੰਘ ਵਿਰੁੱਧ ਵੱਖ-ਵੱਖ ਥਾਣਿਆਂ ਵਿੱਚ 16 ਅਪਰਾਧਿਕ ਮਾਮਲੇ ਦਰਜ ਹਨ, ਜਿਨ੍ਹਾਂ ਵਿੱਚ ਕਤਲ ਦੀ ਕੋਸ਼ਿਸ਼, ਚੋਰੀ, ਅਪਰਾਧਿਕ ਧਮਕੀ ਅਤੇ ਗੈਰ-ਕਾਨੂੰਨੀ ਹਥਿਆਰ ਰੱਖਣ ਦੇ ਦੋਸ਼ ਸ਼ਾਮਲ ਹਨ। ਪੁਲਿਸ ਸਤਲੁਜ ਦਰਿਆ ਦੇ ਨਾਲ-ਨਾਲ ਗੈਰ-ਕਾਨੂੰਨੀ ਮਾਈਨਿੰਗ ਕਾਰਜਾਂ ਵਿੱਚ ਉਸਦੀ ਸ਼ਮੂਲੀਅਤ ਦੀ ਜਾਂਚ ਕਰ ਰਹੀ ਹੈ। ਦੋਸ਼ੀ ਨੂੰ ਦੋ ਦਿਨਾਂ ਲਈ ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਹੈ। ਉਸਦੀ ਵਿੱਤੀ ਜਾਇਦਾਦ ਅਤੇ ਹੋਰ ਅਪਰਾਧਿਕ ਗਤੀਵਿਧੀਆਂ ਨਾਲ ਸੰਭਾਵਿਤ ਸਬੰਧਾਂ ਬਾਰੇ ਜਾਂਚ ਜਾਰੀ ਹੈ।

ਇਹ ਗ੍ਰਿਫ਼ਤਾਰੀ ਪੁਲਿਸ ਵਿਭਾਗ ਦੀ ਅਪਰਾਧਿਕ ਅਨਸਰਾਂ ਵਿਰੁੱਧ ਵਿੱਢੀ ਵਿਸ਼ੇਸ਼ ਮੁਹਿੰਮ ਤਹਿਤ ਇੱਕ ਮਹੱਤਵਪੂਰਨ ਜਿੱਤ ਹੈ, ਜੋ ਖੇਤਰ ਵਿੱਚ ਜਬਰੀ ਵਸੂਲੀ ਅਤੇ ਗੈਰ-ਕਾਨੂੰਨੀ ਗਤੀਵਿਧੀਆਂ ਲਈ ਜ਼ੀਰੋ ਸਹਿਣਸ਼ੀਲਤਾ ਨੂੰ ਦਰਸਾਉਂਦਾ ਹੈ।

ਐਸਐਸਪੀ ਖੱਖ ਨੇ ਅੱਗੇ ਕਿਹਾ ਕਿ ਜਲੰਧਰ ਦਿਹਾਤੀ ਪੁਲਿਸ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਖੇਤਰ ਵਿੱਚ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਅਪਰਾਧਿਕ ਤੱਤਾਂ ਤੇ ਆਪਣੀ ਕਾਰਵਾਈ ਜਾਰੀ ਰੱਖੇਗੀ।

# ਆਮਦਨ ਕਰ ਵਿਭਾਗ ਵੱਲੋਂ ਵਿਵਾਦ ਤੇ ਵਿਸ਼ਵਾਸ ਸਕੀਮ ' ਸਬੰਧੀ ਪ੍ਰੋਗਰਾਮ ਕਰਵਾਇਆ




ਮਾਲੇਰਕੋਟਲਾ :(ਕਿੰਮੀ ਅਰੋੜਾ,ਅਸਲਮ ਨਾਜ਼)ਆਮਦਨ ਕਰ ਵਿਭਾਗ ਮਾਲੇਰਕੋਟਲਾ ਵੱਲੋਂ ਸਥਾਨਕ ਮਾਲੇਰਕੋਟਲਾ ਕਲੱਬ ਵਿਖੇ ਵਿਵਾਦ ਤੋਂ ਵਿਸਵਾਸ਼ ਸਕੀਮ 2024 ਤਹਿਤ ਪ੍ਰੋਗਰਾਮ ਚੀਫ ਕਮਿਸ਼ਨਰ ਇਨਕਮ ਟੈਕਸ ਅੰਮ੍ਰਿਤਸਰ ਲਾਲ ਚੰਦ ਆਈ.ਆਰ.ਐਸ ਤੇ ਪ੍ਰਿੰਸੀਪਲ ਕਮਿਸ਼ਨਰ ਆਫ਼ ਇਨਕਮ ਟੈਕਸ-1 ਲੁਧਿਆਣਾ ਸ਼੍ਰੀ ਸੁਰਿੰਦਰ ਕੁਮਾਰ ਆਈ.ਆਰ.ਐਸ ਦੇ ਦਿਸ਼ਾ ਨਿਰਦੇਸ਼ਾ ਤਹਿਤ ਕਰਵਾਇਆ ਗਿਆ।

ਸਮਾਗਮ 'ਚ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ ਐਡੀਸ਼ਨਲ ਕਮਿਸ਼ਨਰ ਇਨਕਮ ਟੈਕਸ ਰੇਂਜ 4 ਲੁਧਿਆਣਾ ਰਿਸ਼ੀ ਕੁਮਾਰ ਆਈ.ਆਰ.ਐਸ, ਵਰਿੰਦਰਾ ਸਿੰਘ ਏ.ਸੀ.ਆਈ.ਟੀ ਸਰਕਲ-4 ਲੁਧਿਆਣਾ ਰੇਂਜ ਅਤੇ ਆਈ.ਟੀ.ਓ ਮਾਲੇਰਕੋਟਲਾ ਮਨਦੀਪ ਦੱਤ ਨੇ ਸ਼ਹਿਰ ਦੇ ਵਕੀਲਾਂ ਅਤੇ ਸੀ.ਏ ਨਾਲ ਸਾਂਝੀ ਮੀਟਿੰਗ ਕਰਦਿਆਂ ਕੇਂਦਰ ਸਰਕਾਰ ਵੱਲੋਂ ਚਲਾਈ ਗਈ ਸਕੀਮ ਸਬੰਧੀ ਦੱਸਿਆ ਕਿ ਜਿਹੜੇ ਲੋਕਾਂ ਵੱਲ ਇਨਕਮ ਟੈਕਸ ਵਿਭਾਗ ਦੇ ਟੈਕਸ ਬਕਾਇਆ ਹਨ ਉਨ੍ਹਾਂ 'ਤੇ ਕਿਸੇ ਕਿਸਮ ਦਾ ਜੁਰਮਾਨਾ ਜਾਂ ਵਿਆਜ਼ ਨਹੀਂ ਲਾਇਆ ਜਾਵੇਗਾ ਜੇਕਰ ਉਹ 31 ਜਨਵਰੀ ਤੱਕ ਟੈਕਸ ਜਮ੍ਹਾਂ ਕਰਵਾਉਂਦੇ ਹਨ।

ਉਨ੍ਹਾਂ ਕਿਹਾ ਕਿ ਜਿਹੜੇ ਲੋਕਾਂ ਵੱਲ ਐਗਜ਼ੰਪਸ਼ਨ ਤੇ ਡਿਡਕਸ਼ਨਾਂ ਰਾਹੀਂ ਟੀਡੀਐਸ ਗਲਤ ਰਿਫੰਡ ਲਿਆ ਗਿਆ ਹੈ ਉਨ੍ਹਾਂ ਦੀ ਵੀ ਜਾਂਚ ਕਰਵਾਈ ਜਾ ਰਹੀ ਹੈ, ਉਹ ਅਪਣੀ ਰਿਟਰਨਾ ਨੂੰ ਅਪਡੇਟ ਕਰਵਾ ਲੈਣ।ਰਿਸ਼ੀ ਕੁਮਾਰ ਨੇ ਦੱਸਿਆ ਕਿ ਲੋਕਾਂ ਨੂੰ ਇਸ ਸਕੀਮ ਦਾ ਵੱਧ ਤੋਂ ਵੱਧ ਲਾਹਾ ਲੈਣਾ ਚਾਹੀਦਾ ਹੈ ਤਾਂ ਜੋ ਆਉਣ ਵਾਲੇ ਸਮੇਂ 'ਚ ਭਾਰੀ ਜੁਰਮਾਨੇ ਅਤੇ ਵਿਆਜ਼ ਤੋਂ ਬਚਿਆ ਜਾ ਸਕੇ। ਇਸ ਤੋਂ ਪਹਿਲਾਂ ਟੈਕਸ ਬਾਰ ਐਸੋਸੀਏਸ਼ਨ ਮਾਲੇਰਕੋਟਲਾ ਅਤੇ ਸੀ.ਏ ਐਸੋਸੀਏਸ਼ਨ ਵੱਲੋਂ ਵਿਭਾਗ ਦੇ ਅਧਿਕਾਰੀਆਂ ਦਾ ਸਵਾਗਤ ਕੀਤਾ ਗਿਆ।

ਇਸ ਮੌਕੇ ਮੁਹੰਮਦ ਜਾਵੇਦ ਫਾਰੂਕੀ, ਬਰਿਜ ਭੂਸ਼ਣ ਬਾਂਸਲ, ਸੁਰਿੰਦਰ ਕੁਮਾਰ, ਸਤੀਸ਼ ਕੁਮਾਰ, ਮਨਦੀਪ ਸਿੰਘ, ਹਿਤੇਸ਼ ਗੁਪਤਾ, ਬੂਟਾ ਖਾਂ, ਰਮਨ ਵਰਮਾ, ਮੁਹੰਮਦ ਰਮਜ਼ਾਨ (ਸਾਰੇ ਵਕੀਲ), ਵੀਪਨ ਜੈਨ, ਅਜੈ ਅੱਗਰਵਾਲ, ਅਕਸ਼ੇ ਕੁਮਾਰ (ਸਾਰੇ ਸੀ.ਏ) ਆਦਿ ਹਾਜ਼ਰ ਸਨ।

# ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਵੱਲੋਂ ਪੰਜਾਬ ਦੀ ਵਿਰਸਾਤ ਨੂੰ ਦਰਸਾਉਂਦਾ ਕੈਲੰਡਰ ਰਿਲੀਜ਼

ਅੰਮ੍ਰਿਤਸਰ, (ਲੋਕ ਬਾਣੀ ) ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿੱਚ ਇਕ ਮਹੱਤਵਪੂਰਨ ਸਮਾਗਮ ਵਿੱਚ, ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਹਰਪ੍ਰੀਤ ਸੰਧੂ, ਐਡਵੋਕੇਟ ਅਤੇ ਹੈਰੀਟੇਜ ਪ੍ਰਮੋਟਰ ਦੁਆਰਾ ਤਿਆਰ ਸਚਿੱਤਰ ਕੈਲੰਡਰ ਅਤੇ ਡਾਕੂਮੈਂਟਰੀ ਪੰਜਾਬ ਦੀ ਵਿਰਸਾਤ ਦੇ ਇਤਿਹਾਸਿਕ ਨਿਸ਼ਾਨ ਚਿਨ੍ਹ ਜਾਰੀ ਕੀਤੀ ਜੋ ਪੰਜਾਬ ਦੀ ਪੁਰਾਤਨ ਵਿਰਾਸਤ ਅਤੇ ਇਤਿਹਾਸਕ ਖੂਬਸੂਰਤੀ ਨੂੰ ਸੁਚੱਜੇ ਢੰਗ ਨਾਲ ਦਰਸਾਉਂਦੀ ਹੈ।



ਸਮਾਗਮ ਦੌਰਾਨ, ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਹਰਪ੍ਰੀਤ ਸੰਧੂ ਵੱਲੋਂ ਕੀਤੇ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ, ਅਤੇ ਕਿਹਾ ਕਿ ਇਹ ਕਾਰਜ ਪੰਜਾਬ ਦੇ ਇਤਿਹਾਸਕ ਵਿਰਾਸਤੀ ਸਮਾਰਕਾਂ ਨੂੰ ਪ੍ਰਚਾਰਤ ਕਰਨ ਅਤੇ ਉਨ੍ਹਾਂ ਦੀ ਮਹੱਤਤਾ ਦਰਸਾਉਣ ਵਿੱਚ ਅਹਿਮ ਯੋਗਦਾਨ ਪਵੇਗੀ। ਉਨ੍ਹਾਂ ਨੇ ਹਰਪ੍ਰੀਤ ਸੰਧੂ ਨੂੰ ਜ਼ਿਲ੍ਹਾ ਅੰਮ੍ਰਿਤਸਰ ਦੇ ਤਿੰਨ ਮਹੱਤਵਪੂਰਨ ਵਿਰਾਸਤੀ ਸਮਾਰਕਾਂ - ਪੂਲ ਮੋਰਾਂ, ਜੋ ਇਤਿਹਾਸਕ ਅਤੇ ਆਰਕੀਟੈਕਚਰਲ ਸ਼ਾਨ ਦਾ ਪ੍ਰਤੀਕ ਹੈ, ਟਾਊਨ ਹਾਲ ਵਿਰਾਸਤ ਦਾ ਯਾਦਗਾਰ ਹੈ, ਅਤੇ 126 ਸਾਲ ਪੁਰਾਣੀ ਖਾਲਸਾ ਕਾਲਜ ਅੰਮ੍ਰਿਤਸਰ ਦੀ ਇਮਾਰਤ, ਜੋ ਇੰਡੋ-ਸਰਸੈਨਿਕ ਸ਼ੈਲੀ ਦਾ ਸ਼ਾਨਦਾਰ ਨਮੂਨਾ ਹੈ, ਨੂੰ ਉਜਾਗਰ ਕਰਨ ਲਈ ਧੰਨਵਾਦ ਪ੍ਰਗਟ ਕੀਤਾ।

ਪ੍ਰੋ. ਕਰਮਜੀਤ ਸਿੰਘ ਨੇ ਇਸ ਪ੍ਰੋਜੈਕਟ ਨੂੰ ਪੰਜਾਬ ਦੀ ਇਤਿਹਾਸਕ ਵਿਰਾਸਤ ਦਾ ਖਜ਼ਾਨਾ ਕਿਹਾ ਅਤੇ ਇਸ ਦੀ ਮਹੱਤਤਾ ਨੂੰ ਪੰਜਾਬ ਦੇ ਨਾਗਰਿਕਾਂ ਨੂੰ ਖਾਸ ਤੌਰ ਤੇ ਨੌਜਵਾਨ ਪੀੜ੍ਹੀ ਨੂੰ ਜੁੜਨ ਦੇ ਯਤਨ ਵਜੋਂ ਦਰਸਾਇਆ। ਉਨ੍ਹਾਂ ਕਿਹਾ, ਹਰਪ੍ਰੀਤ ਸੰਧੂ ਦਾ ਇਹ ਵਿਲੱਖਣ ਯਤਨ ਵਿਰਾਸਤੀ ਸਥਾਨਾਂ ਦੀ ਦਸਤਾਵੇਜ਼ਬੰਦੀ ਕਰਕੇ ਪੰਜਾਬ ਦੀ ਸੱਭਿਆਚਾਰਕ ਜੜ੍ਹਾਂ ਲਈ ਸਨਮਾਨ ਅਤੇ ਆਦਰ ਜਗਾਉਣ ਲਈ ਇੱਕ ਮਹੱਤਵਪੂਰਨ ਕਦਮ ਹੈ।' ਚਿੱਤਰਾਤਮਕ ਕੈਲੰਡਰ ਅਤੇ ਡਾਕੂਮੈਂਟਰੀ ਨੂੰ ਪੰਜਾਬ ਦੇ ਲੋਕਾਂ ਨੂੰ ਆਪਣੇ ਇਤਿਹਾਸਕ ਖਜ਼ਾਨਿਆਂ ਨੂੰ ਸਨਮਾਨ ਦੇਣ ਅਤੇ ਸੁਰੱਖਿਅਤ ਕਰਨ ਲਈ ਪ੍ਰੇਰਿਤ ਕਰਨ ਦੇ ਇੱਕ ਸਾਧਨ ਵਜੋਂ ਦੇਖਿਆ ਗਿਆ।

ਸਮਾਗਮ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਰਜਿਸਟਰ ਡਾਕਟਰ ਕਰਨਜੀਤ ਸਿੰਘ ,ਡਾ. ਪ੍ਰੀਤ ਮਹਿੰਦਰ ਸਿੰਘ ਬੇਦੀ, ਡੀਨ, ਵਿਭਾਗਾਂ ਦੇ ਮੁਖੀ ਅਤੇ ਫੈਕਲਟੀ ਮੈਂਬਰ ਸ਼ਾਮਲ ਸਨ। ਇਸ ਤੋਂ ਉਪਰੰਤ ਹਰਪ੍ਰੀਤ ਸਿੰਘ ਸੰਧੂ ਨੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੂੰ ਉਕਤ ਕੈਲੰਡਰ ਭੇਟ ਕੀਤਾ। ਜਿੰਨਾ ਨੇ ਹਰਪ੍ਰੀਤ ਸਿੰਘ ਸੰਧੂ ਦੇ ਉਦਮ ਦੀ ਸਰਾਹਨਾ ਕੀਤੀ।

# ਡਿਪਟੀ ਕਮਿਸ਼ਨਰ ਵੱਲੋਂ ਪੈਟਰੋਲ ਪੰਪਾਂ ’ਤੇ ਬੁਨਿਆਦੀ ਸਹੂਲਤਾਂ ਤੇ ਸਾ.ਫ-ਸ.ਫਾਈ ਯਕੀਨੀ ਬਣਾਉਣ ਦੇ ਨਿਰਦੇਸ਼*

ਜਲੰਧਰ, 21 ਜਨਵਰੀ : (ਲੋਕ ਬਾਣੀ ) ਸਫਾਈ ਦੀ ਮਹੱਤਤਾ ਨੂੰ ਧਿਆਨ ਵਿੱਚ ਰੱਖਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਅਫ਼ਸਰ ਜਲੰਧਰ ਨੂੰ ਆਪਣੇ ਅਧਿਕਾਰ ਖੇਤਰ ਵਿੱਚ ਆਉਂਦੇ ਸਾਰੇ ਪੈਟਰੋਲ ਪੰਪਾਂ (ਫਿਊਲ ਸਟੇਸ਼ਨਾਂ) ਦੀ ਜਾਂਚ ਕਰਨ, ਉਚਿਤ ਰੱਖ-ਰਖਾਅ ਅਤੇ ਸਫਾਈ ਨੂੰ ਯਕੀਨੀ ਬਣਾਉਣ ਲਈ ਤੁਰੰਤ ਅਸਰਦਾਰ ਢੰਗ ਨਾਲ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਤੋਂ ਇਲਾਵਾ ਸਬੰਧਿਤ ਅਧਿਕਾਰੀ ਨੂੰ ਇਹ ਹੁਕਮ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਕਾਰਵਾਈ ਦੀ ਰਿਪੋਰਟ ਸੌਂਪਣ ਲਈ ਵੀ ਕਿਹਾ ਗਿਆ ਹੈ। ਜਾਰੀ ਕੀਤੇ ਹੁਕਮ ਵਿੱਚ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਜ਼ਿਲ੍ਹਾ ਜਲੰਧਰ ਵਿੱਚ ਨੈਸ਼ਨਲ ਹਾਈਵੇ ਦੇ ਨਾਲ ਲੱਗਦੇ ਵੱਖ-ਵੱਖ ਪੈਟਰੋਲ ਪੰਪਾਂ ਤੇ ਵਾਸ਼ਰੂਮਾਂ ਅਤੇ ਟਾਇਲਟਸ ਦੀ ਹਾਲਤ ਤਸੱਲੀਬਖਸ਼ ਨਹੀਂ ਹੈ। ਖ਼ਰਾਬ ਰੱਖ-ਰਖਾਅ, ਸਫਾਈ ਦੀ ਘਾਟ ਅਤੇ ਬੁਨਿਆਦੀ ਸਹੂਲਤਾਂ ਦੀ ਅਣਹੋਂਦ ਵਰਗੇ ਮੁੱਦੇ ਸਾਹਮਣੇ ਆਏ ਹਨ। ਇਹ ਸਥਿਤੀ ਜਨਤਾ ਲਈ ਅਸੁਵਿਧਾ ਦਾ ਕਾਰਨ ਬਣ ਰਹੀ ਹੈ।

ਹੁਕਮ ਵਿੱਚ ਕਿਹਾ ਗਿਆ ਹੈ ਕਿ ਸੜਕੀ ਅਵਾਜਾਈ ਅਤੇ ਹਾਈਵੇ ਮੰਤਰਾਲੇ ਵੱਲੋਂ ਜਾਰੀ 24 ਜੁਲਾਈ 2013 ਦੇ ਪੱਤਰ ਰਾਹੀਂ ਰਾਸ਼ਟਰੀ ਰਾਜ ਮਾਰਗਾਂ ’ਤੇ ਸਥਿਤ ਪੈਟਰੋਲ ਪੰਪਾਂ, ਪ੍ਰਾਈਵੇਟ ਜਾਇਦਾਦਾਂ ਅਤੇ ਰੈਸਟ ਏਰੀਆ ਕੰਪਲੈਕਸਾਂ ਤੱਕ ਪਹੁੰਚ ਪ੍ਰਦਾਨ ਕਰਨ ਦੇ ਯੂਨੀਫਾਈਡ ਦਿਸ਼ਾ-ਨਿਰਦੇਸ਼ ਸਪਸ਼ਟ ਤੌਰ ’ਤੇ ਸਾਫ਼-ਸਫ਼ਾਈ ਅਤੇ ਪਹੁੰਚਯੋਗ ਸੁਵਿਧਾਵਾਂ ਦੀ ਵਿਵਸਥਾ ਨੂੰ ਲਾਜ਼ਮੀ ਬਣਾਉਂਦੇ ਹਨ। ਇਸ ਤੋਂ ਇਲਾਵਾ ਮੰਤਰਾਲੇ ਵੱਲੋਂ 26 ਦਸੰਬਰ 2018 ਦੇ ਪੱਤਰ ਰਾਹੀਂ ਪੀਣ ਵਾਲੇ ਪਾਣੀ ਅਤੇ ਟਾਇਲਟਸ ਦੀ ਸਹੂਲਤ ’ਤੇ ਜ਼ੋਰ ਦਿੱਤਾ ਗਿਆ ਹੈ। ਪੀਣ ਵਾਲੇ ਪਾਣੀ ਅਤੇ ਟਾਇਲਟਸ ਦੀ ਸੁਵਿਧਾ 24 ਘੰਟੇ ਲੋਕਾਂ ਲਈ ਪਹੁੰਚਯੋਗ ਹੋਣੀ ਚਾਹੀਦੀ ਹੈ ਅਤੇ ਇਨ੍ਹਾਂ ਬਾਰੇ ਪੈਟਰੋਲ ਪੰਪਾਂ ਦੇ ਪ੍ਰਵੇਸ਼ ਦੁਆਰ ਤੇ ਢੁਕਵੇਂ ਡਿਸਪਲੇ ਬੋਰਡਾਂ ਰਾਹੀਂ ਪ੍ਰਦਰਸ਼ਿਤ ਕੀਤਾ ਜਾਣਾ ਜ਼ਰੂਰੀ ਹੈ।

## ।। ਪੈਂਤੀ ਅੱਖਰੀ ਨੂੰ ਕਰਾਂ ਸਿਜਦਾ ।।

ਇੱਕ ਇੱਕ ਅੱਖਰ ਪੈਂਤੀ ਅੱਖਰੀ ਦਾ।
ਮਾਣ ਵਧਾਵੇ ਮਾਂ ਬੋਲੀ ਪੰਜਾਬੀ ਦਾ॥
ੳ ਉਸਤਤ ਸੱਚੇ ਰੱਬ ਦੀ ਹੈ ਕਰਦਾ।
ਅ ਅਣਖ ਦੇ ਨਾਲ ਜਿਉਣਾ ਦੱਸਦਾ॥
ੲ ਇਸ਼ਕ ਹਕੀਕੀ ਵਿਰਲਾ ਹੀ ਕਰਦਾ।
ਸ ਸਾਂਝੇ ਪੰਜਾਬ ਦੀ ਅਰਦਾਸ ਹੈ ਕਰਦਾ॥
ਹ ਹੱਕ ਹਕੂਕ ਲੈਣੇ ਸਭ ਨੂੰ ਦੱਸਦਾ।
ਕ ਕਰਜ਼ਾ ਮੁਕਤ ਪੰਜਾਬ ਹੈ ਮੰਗਦਾ॥
ਖ ਖਰੇ ਖੋਟੇ ਦੀ ਸਹੀ ਪਰਖ ਦੱਸਦਾ।
ਗ ਗੂੜ੍ਹੇ ਗਿਆਨ ਵਾਲੀ ਹੈ ਕਰਦਾ॥
ਘ ਘਰ ਦੀ ਖੈਰ ਦੂਆ ਹੈ ਮੰਗਦਾ।
ਙ ਠਹਿਰਾਓ ਜਰੂਰੀ ਸੱਭ ਨੂੰ ਦਸਦਾ॥
ਚ ਚੰਗੇ ਵਿਚਾਰਾਂ ਦੀ ਸਾਂਝ ਰੱਖਦਾ।
ਛ ਛੱਤ ਸਭ ਲਈ ਹੈ ਜਰੂਰੀ ਦੱਸਦਾ॥
ਜ ਜਲ ਸਭ ਨੂੰ ਜਿਉਂਦਾ ਹੈ ਰੱਖਦਾ।
ਝ ਝੀਲ ਵਾਂਗ ਸ਼ਾਂਤ ਰਹਿਣਾ ਦੱਸਦਾ॥
ਞ ਵਿਸ਼ਰਾਮ ਦੀ ਅਹਿਮੀਅਤ ਦੱਸਦਾ।
ਟ ਟਰ ਟਰ ਕਰਨੋਂ ਸਭ ਨੂੰ ਵਰਜਦਾ॥
ਠ ਠਰਮੇ ਨਾਲ ਚੱਲਣਾ ਹੈ ਦੱਸਦਾ।
ਡ ਡਰ ਰੱਬ ਦਾ ਮਨ ਵਿੱਚ ਰੱਖਦਾ॥
ਢ ਢੋਲ ਡਗੇ ਵਗੈਰ ਨਾ ਕਦੇ ਫੱਬਦਾ।
ਣ ਖਾਲੀ ਥਾਂ ਦੀ ਵਿਸ਼ੇਸ਼ਤਾ ਹੈ ਦੱਸਦਾ॥
ਤ ਤੁਰ ਜਾਣਾ ਏਸ ਜਹਾਨੋਂ ਹੈ ਦੱਸਦਾ।
ਥ ਥੱਕਣਾ ਜਵਾਨੀ ਵੇਲੇ ਨਹੀਂ ਫੱਬਦਾ॥
ਦ ਦਰ ਓਹਦਾ ਜੰਨਤ ਤੋਂ ਸੋਹਣਾ ਦੱਸਦਾ।
ਧ ਧਰਤ ਨੂੰ ਸਿੱਜਦਾ ਸੋ ਵਾਰ ਹੈ ਕਰਦਾ॥
ਨ ਨੀਂਹ ਮਜ਼ਬੂਤ ਰੱਖਣ ਦੀ ਗੱਲ ਦੱਸਦਾ।
ਪ ਪਤੰਗ ਦੀ ਡੋਰ ਨਾ ਹੱਥ ਸਾਡੇ ਦੱਸਦਾ॥
ਫ ਫੁੱਲਾਂ ਵਾਂਗ ਖ਼ੁਸ਼ਬੋ ਵੰਡਣਾ ਹੈ ਦੱਸਦਾ।
ਬ ਬੋਲਾਂ ਚ ਮਿਠਾਸ ਰੱਖਣ ਬਾਰੇ ਦੱਸਦਾ॥
ਭ ਭੇਤ ਦਿਲ ਵਾਲਾ ਨਾ ਕਿਸੇ ਨੂੰ ਦੱਸਦਾ।
ਮ ਮਾਂ ਬੋਲੀ ਨੂੰ ਪਿਆਰ ਕਰੋ ਹੈ ਦੱਸਦਾ॥
ਯ ਯਾਰੀ ਰੂਹ ਵਾਲੀ ਕਰੋ ਹੈ ਦੱਸਦਾ।
ਰ ਰੁੱਤਬਾ ਪੰਜਾਬੀ ਦਾ ਉੱਚਾ ਰੱਖਦਾ॥
ਲ ਲਾਜ਼ ਗਰੀਬਾਂ ਦੀ ਰੱਬ ਖੁੱਦ ਰੱਖਦਾ।
ਵ ਵਿਰਸਾ ਪੰਜਾਬ ਦਾ ਅਮੀਰ ਹੈ ਦੱਸਦਾ॥
ੜ ਰੁਕਣਾ ਕੁੱਝ ਪਲ ਦਾ ਜਰੂਰੀ ਦੱਸਦਾ।
ਸੂਦ ਵਿਰਕ ਪੈਂਤੀ ਅੱਖਰੀ ਨੂੰ ਕਰੇ ਸਿਜਦਾ।



ਲੇਖਕ -ਮਹਿੰਦਰ ਸੂਦ ਵਿਰਕ
ਜਲੰਧਰ
ਸੰਪਰਕ -9876666381

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ 82880 21797 82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018 WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23 | 18+ MOUs with Industries | upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements In 2022-2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565